



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 11 ਜਨਵਰੀ 2025

Email:- lokbani08@gmail.com






R. N. I. Punpun/29016/2008 ✶ ਸਾਲ 16 , ✶ ਅੰਕ : 210, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111



ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111


## 2024 ਰਿਹਾ ਧਰਤੀ ਦਾ ਸਭ ਤੋਂ ਗਰਮ ਸਾਲ

ਵਾਸ਼ਿੰਗਟਨ, ਲੋਕ ਬਾਣੀ- ਧਰਤੀ ਨੇ 2024 ਵਿੱਚ ਆਪਣਾ ਸਭ ਤੋਂ ਗਰਮ ਸਾਲ ਦਰਜ ਕੀਤਾ ਹੈ, ਜਿਸ ਵਿੱਚ ਇੰਨਾ ਵੱਡਾ ਵਾਧਾ ਹੋਇਆ ਕਿ ਇਹ ਪਿਛਲੇ ਮਹੱਤਵਪੂਰਣ ਗਲੋਬਲ ਤਾਪਮਾਨ ਸੀਮਾ ਨੂੰ ਅਸਥਾਈ ਤੌਰ 'ਤੇ ਪਾਰ ਕਰ ਦਿੱਤਾ ਹੈ।ਯੂਰਪੀ ਟੀਮ ਨੇ 1.6 ਡਿਗਰੀ ਸੈਲਸੀਅਸ (2.89 ਡਿਗਰੀ ਫਾਰੇਨਹਾਈਟ) ਤਾਪਮਾਨ ਵਾਧੇ ਦੀ ਗਣਨਾ ਕੀਤੀ, ਜਪਾਨ ਨੇ 1.57 ਡਿਗਰੀ ਸੈਲਸੀਅਸ (2.83 ਡਿਗਰੀ ਫਾਰੇਨਹਾਈਟ), ਅਤੇ ਬ੍ਰਿਟੇਨ ਨੇ 1.53 ਡਿਗਰੀ ਸੈਲਸੀਅਸ (2.75 ਡਿਗਰੀ ਫਾਰੇਨਹਾਈਟ) ਅਮਰੀਕੀ ਮਾਨੀਟਰਿੰਗ



ਟੀਮਾਂ ਨਾਸਾ, ਨੈਸ਼ਨਲ ਓਸ਼ੀਅਨਿਕ ਐਂਡ ਐਟਮੋਸਫੇਰਿਕ ਐਡਮਿਨਿਸਟ੍ਰੇਸ਼ਨ ਅਤੇ ਪ੍ਰਾਈਵੇਟ ਬਰਕਲੀ ਅਰਥ ਆਪਣੇ ਅੰਕੜੇ ਪਛਲੇ ਸ਼ੁੱਕਰਵਾਰ ਨੂੰ ਜਾਰੀ ਕਰਨ ਵਾਲੀਆਂ ਸਨ,

## ਨਿੱਝਰ ਕਤਲ ਕੇਸ ਮਾਮਲੇ ਵਿੱਚ ਨਹੀਂ ਮਿਲੀ ਮੁਲਾਜ਼ਮਾਂ ਨੂੰ ਜ਼ਮਾਨਤ

ਵੈਨਕੂਵਰ, ਲੋਕ ਬਾਣੀ- ਸਰੀ ਗੁਰਦੁਆਰਾ ਦੇ ਤਤਕਾਲੀ ਪ੍ਰਧਾਨ ਹਰਦੀਪ ਸਿੰਘ ਨਿੱਝਰ, ਜਿਸ ਨੂੰ ਭਾਰਤ ਨੇ ਅਤਿਵਾਦੀ ਐਲਾਨਿਆ ਹੋਇਆ ਹੈ, ਦੀ ਹੱਤਿਆ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤੇ ਚਾਰੇ ਮੁਲਜ਼ਮ ਕਰਨ ਬਰਾੜ, ਅਮਨਦੀਪ ਸਿੰਘ, ਕਰਨਪ੍ਰੀਤ ਸਿੰਘ ਤੇ ਕਮਲਪ੍ਰੀਤ ਸਿੰਘ ਨੂੰ ਕੈਨੇਡਾ ਦੀ ਸੁਪਰੀਮ ਕੋਰਟ ਵੱਲੋਂ ਜ਼ਮਾਨਤ 'ਤੇ ਰਿਹਾਅ ਕੀਤੇ ਜਾਣ ਸਬੰਧੀ ਭਾਰਤੀ ਮੀਡੀਆ ਏਜੰਸੀ ਦੀ ਖ਼ਬਰ ਨੂੰ ਕੈਨੇਡਾ ਦੀ ਪੁਲੀਸ ਜਾਂਚ ਟੀਮ ਅਤੇ ਬ੍ਰਿਟਿਸ਼ ਕੋਲੰਬੀਆ ਅਟਾਰਨੀ ਜਨਰਲ



ਅਮਨਦੀਪ ਸਿੰਘ ਕਮਲਪ੍ਰੀਤ ਸਿੰਘ ਕਰਨਪ੍ਰੀਤ ਸਿੰਘ ਕਰਨ ਬਰਾੜ

ਦਫ਼ਤਰ ਨੇ ਝੂਠਾ ਕਰਾਰ ਦਿੱਤਾ ਹੈ। ਮਾਮਲੇ ਦੀ ਜਾਂਚ ਟੀਮ ਦੀ ਤਰਜਮਾਨ ਫਰੈਡਾ ਅਤੇ ਬ੍ਰਿਟਿਸ਼ ਕੋਲੰਬੀਆ ਅਟਾਰਨੀ ਜਨਰਲ ਦੇ ਇਸਤਗਾਸਾ ਦਫਤਰ ਦੇ ਬੁਲਾਰੇ ਐਨ ਸੀਮੌਰ ਨੇ ਇਸ ਖ਼ਬਰ 'ਤੇ ਹੈਰਾਨੀ ਜ਼ਾਹਿਰ ਕਰਦਿਆਂ ਦੱਸਿਆ

## 32ਵਾ ਕੋਰ ਦਿਵਸ ਮਨਾਇਆ ਆਰਮੀ ਏਅਰ ਡਿਫੈਂਸ ਨੇ

ਦਿੱਲੀ, ਲੋਕ ਬਾਣੀ-ਆਰਮੀ ਏਅਰ ਡਿਫੈਂਸ ਕੋਰ ਨੇ ਅੱਜ ਆਪਣੇ 32ਵੇਂ ਕੋਰ ਦਿਵਸ ਨੂੰ ਬਹੁਤ ਮਾਣ ਅਤੇ ਸਤਿਕਾਰ ਨਾਲ ਮਨਾਇਆ। ਇਸ ਮਹੱਤਵਪੂਰਨ ਮੌਕੇ ਨੂੰ ਮਨਾਉਣ ਲਈ, ਨਵੀਂ ਦਿੱਲੀ ਦੇ ਇੰਡੀਆ ਗੇਟ ਤੇ ਸਥਿਤ ਰਾਸ਼ਟਰੀ ਯੁੱਧ ਸਮਾਰਕ ਵਿਖੇ ਇਕ ਧਾਰਮਿਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਕੋਰ ਦੇ ਡਾਇਰੈਕਟਰ ਜਨਰਲ ਅਤੇ ਕਰਨਲ ਕਮਾਂਡੈਂਟ ਲੈਫਟੀਨੈਂਟ ਜਨਰਲ ਸੁਮੇਰ ਇਵਾਨ ਡੀਕੁੰਹਾ, ਐਸ.ਐਮ., ਨੇ ਸੀਨੀਅਰ ਸਾਬਕਾ ਸੈਨਿਕਾਂ ਅਤੇ ਸੇਵਾ ਕਰ ਰਹੇ ਅਧਿਕਾਰੀਆਂ ਦੇ ਨਾਲ,



ਡਿਊਟੀ ਦੌਰਾਨ ਸਭ ਤੋਂ ਵੱਡੀ ਕੁਰਬਾਨੀ ਦੇਣ ਵਾਲੇ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

## ਰਾਹੁਲ ਗਾਂਧੀ ਨੂੰ ਸਾਵਰਕਰ ਮਾਮਲੇ ਵਿੱਚ ਮਿਲੀ ਜ਼ਮਾਨਤ

ਮੁੰਬਈ, ਲੋਕ ਬਾਣੀ-ਪੁਣੇ ਦੀ ਵਿਸ਼ੇਸ਼ ਅਦਾਲਤ ਨੇ ਹਿੰਦੂ ਵਿਚਾਰਧਾਰਕ ਵੀਡੀ ਸਾਵਰਕਰ ਬਾਰੇ ਕਥਿਤ ਇਤਰਾਜ਼ਯੋਗ ਟਿੱਪਣੀ ਨਾਲ ਜੁੜੇ ਮਾਣਹਾਨੀ ਮਾਮਲੇ ਵਿਚ ਅੱਜ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਜ਼ਮਾਨਤ ਦੇ ਦਿੱਤੀ ਹੈ। ਸੰਸਦ ਮੈਂਬਰਾਂ ਤੇ ਵਿਧਾਇਕਾਂ ਬਾਰੇ ਵਿਸ਼ੇਸ਼ ਅਦਾਲਤ ਨੇ ਲੋਕ ਸਭਾ



ਵਿਚ ਵਿਰੋਧੀ ਧਿਰ ਦੇ ਆਗੂ ਨੂੰ ਵੀਡੀਓ ਕਾਨਫਰੰਸਿੰਗ ਜ਼ਰੀਏ ਅਦਾਲਤ ਵਿਚ ਪੇਸ਼ ਹੋਣ ਮਗਰੋਂ 25 ਹਜ਼ਾਰ ਰੁਪਏ ਦੇ ਜ਼ਮਾਨਤੀ ਬਾਂਡ ਉੱਤੇ ਜ਼ਮਾਨਤ ਦੇ ਦਿੱਤੀ। ਸੀਨੀਅਰ ਕਾਂਗਰਸ ਆਗੂ ਮੋਹਨ ਜੋਸ਼ੀ ਅਦਾਲਤ ਵਿਚ ਜ਼ਮਾਨਤਦਾਰ ਵਜੋਂ ਪੇਸ਼ ਹੋਏ। ਗਾਂਧੀ ਵੱਲੋਂ ਪੇਸ਼ ਵਕੀਲ ਮਿਲਿੰਦ ਪਵਾਰ ਨੇ ਕਿਹਾ ਕਿ ਅਦਾਲਤ ਨੇ ਕਾਂਗਰਸ ਆਗੂ ਨੂੰ ਨਿੱਜੀ ਪੇਸ਼ੀ ਤੋਂ ਛੋਟ ਦਿੱਤੀ ਹੈ।

## ਪੰਜਾਬ ਵਿੱਚ ਫੇਰ ਚੱਲੀਂ ਗੋਲੀ ਇਕ ਦੀ ਹੋਈ ਮੌਤ

ਅਮ੍ਰਿਤਸਰ, ਲੋਕ ਬਾਣੀ-)–ਅੰਮ੍ਰਿਤਸਰ ਦੇ ਸੁਲਤਾਨਵਿੰਡ ਰੋਡ ਸਥਿਤ ਟਾਹਲੀ ਵਾਲਾ ਚੌਂਕ ਵਿਖੇ ਕਮੇਟੀਆ ਦੀ ਹੋਈ ਬੋਲੀ ਤੋਂ ਲੜਾਈ ਦੌਰਾਨ ਚੱਲੀ ਗੋਲੀ ਵਿਚ ਇਕ ਵਿਅਕਤੀ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆ ਮੌਕੇ ਤੇ ਪਹੁੰਚੇ ਥਾਣਾ ਬੀ ਡਵੀਜ਼ਨ ਦੇ ਮੁਖੀ ਇੰਸਪੈਕਟਰ ਸੁਖਬੀਰ ਸਿੰਘ ਇਸ ਦੀ ਜਾਂਚ ਕਰ ਰਹੇ ਹਨ। ਮ੍ਰਿਤਕ ਦੀ ਪਛਾਣ ਸਿਮਰਨਜੀਤ



ਸਿੰਘ ਰਾਜਾ ਵਾਸੀ ਸ਼ਰੀਫਪੁਰਾ ਅੰਮ੍ਰਿਤਸਰ ਵਜੋਂ ਹੋਈ ਹੈ।

## ਸ਼ਰਾਰਤੀ ਅਨਸਰ ਦੀ ਕਰਤੂਤ ਲਗਾਈ ਅੱਠ ਘਰਾਂ ਨੂੰ ਅੱਗ

ਬਠਿੰਡਾ, ਲੋਕ ਬਾਣੀ–ਪਿੰਡ ਦਾਨ ਸਿੰਘ ਵਾਲਾ ਦੇ ਕੋਠੇ ਜੀਵਨ ਸਿੰਘ ਵਾਲਾ ਵਿਖੇ ਪਿੰਡ ਦੇ ਚਾਰ ਵਿਅਕਤੀਆਂ 'ਤੇ ਅਣ-ਗਿਣਤ ਅਣਪਛਾਤੇ ਵਿਅਕਤੀਆਂ ਨੇ ਲੰਘੀ ਰਾਤ ਅੱਠ ਘਰਾਂ 'ਤੇ ਤੇਜ਼ ਹਥਿਆਰਾਂ ਨਾਲ ਹਮਲਾ ਕਰਕੇ ਨੂੰ ਘਰਾਂ ਅੱਗ ਲਗਾ ਦਿੱਤੀ ਗਈ। ਇਸ ਮੌਕੇ ਇਕ ਦਰਜਨ ਦੇ ਕਰੀਬ



ਵਿਅਕਤੀਆਂ ਨੂੰ ਸੱਟਾਂ ਵੱਜੀਆਂ ਹਨ ਤੇ ਘਰਾਂ ਦਾ ਸਮਾਨ ਸੜ ਕੇ ਸਵਾਹ ਹੋ ਚੁੱਕਿਆ ਹੈ।

## ਸ਼੍ਰੋਮਣੀ ਅਕਾਲੀ ਦਲ ਕਰੇਗਾ 1 ਮਾਰਚ ਨੂੰ ਨਵੇਂ ਪ੍ਰਧਾਨ ਦੀ ਚੋਣ

ਚੰਡੀਗੜ੍ਹ, ਵਿਨੋਦ ਸ਼ਰਮਾ- ਅੱਜ ਸ਼੍ਰੋਮਣੀ ਅਕਾਲੀ ਦਲ ਵਰਕਿੰਗ ਕਮੇਟੀ ਦੀ ਮੀਟਿੰਗ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਵਿੱਚ ਹੋਈ। ਮੀਟਿੰਗ ਤੋਂ ਬਾਅਦ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ। ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਵਰਕਿੰਗ ਕਮੇਟੀ ਵੱਲੋਂ ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਮਨਜ਼ੂਰ ਕੀਤਾ ਗਿਆ



ਹੈ। ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਵਰਕਿੰਗ ਕਮੇਟੀ ਦੇ ਆਗੂਆਂ ਵੱਲੋਂ 20 ਜਨਵਰੀ ਤੋਂ ਪਾਰਟੀ ਦੀ ਮੈਂਬਰਸ਼ਿਪ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ,

## ਟੱਕਰ ਦੌਰਾਨ ਫਲਾਈਓਵਰ ਤੋਂ ਡਿੱਗਣੋਂ ਬਚੀ ਬੱਸ, ਕੁੱਝ ਹਿੱਸਾ ਬਾਹਰ ਲਟਕਿਆ

ਫਿਲੌਰ, ਲੋਕ ਬਾਣੀ --ਸੰਘਣੀ ਧੁੰਦ ਕਾਰਨ ਅੱਜ ਸਵੇਰੇ ਜਲੰਧਰ ਤੋਂ ਲੁਧਿਆਣਾ ਜਾ ਰਹੀ ਯੂਪੀ ਰੋਡਵੇਜ਼ ਦੀ ਬੱਸ ਅਤੇ ਯੂਪੀ ਨੰਬਰ ਦੀ ਪ੍ਰਾਈਵੇਟ ਸਲੀਪਰ ਬੱਸ ਵਿਚ ਜ਼ਬਰਦਸਤ ਟੱਕਰ ਹੋ ਗਈ। ਜਿਸ ਕਾਰਨ ਰੋਡਵੇਜ਼ ਦੀ ਬੱਸ ਪੁਲ ਦੀ ਰੇਲਿੰਗ ਤੋੜਦੀ ਹੋਈ 6-7 ਫੁੱਟ ਬਾਹਰ ਨਿੱਕਲ ਗਈ। ਇਹ ਹਾਦਸਾ ਅੰਬੇਡਕਰ ਚੌਂਕ ਦੇ ਉੱਪਰ ਫਲਾਈਓਵਰ 'ਤੇ ਵਾਪਰਿਆ, ਜਿੱਥੇ ਦੋਵੇਂ ਬੱਸਾਂ ਦੀ ਆਪਸੀ ਟੱਕਰ ਕਾਰਨ ਭਾਜੜਾਂ ਪੈ ਗਈਆਂ।



ਜਾਣਕਾਰੀ ਅਨੁਸਾਰ ਯੂਪੀ ਰੋਡਵੇਜ਼ ਦੀ ਬੱਸ ਜਲੰਧਰ ਤੋਂ ਲੁਧਿਆਣਾ ਜਾ ਰਹੀ ਸੀ। ਪਿੱਛੋ ਸਲੀਪਰ ਬੱਸ ਨੇ ਅੱਗੇ ਜਾ ਰਹੀਂ ਬੱਸ 'ਚ ਟੱਕਰ ਮਾਰ ਦਿੱਤੀ, ਜਿਸ ਨਾਲ ਉਸ ਦਾ ਸੰਤੁਲਨ ਵਿਗੜ ਗਿਆ ਅਤੇ ਯੂਪੀ ਰੋਡਵੇਜ਼ ਦੀ ਬੱਸ ਹਾਈਵੇਅ ਫਲਾਈਓਵਰ 'ਤੇ ਲਮਕ ਗਈ, ਪਰ ਹੇਠਾਂ ਡਿੱਗਣ ਤੋਂ ਬਚਾਅ ਹੋ ਗਿਆ।






# ਪੰਜਾਬ ਵਿਧਾਨ ਸਭਾ ਦੀ ਪ੍ਰੈਸ ਗੈਲਰੀ ਕਮੇਟੀ ਦੇ ਅਹੁਦੇਦਾਰਾਂ ਦੀ ਸਰਬ ਸੰਮਤੀ ਨਾਲ ਬਹੁਤ ਗਿਣਤੀ ਮੈਂਬਰਾਂ ਵੱਲੋਂ ਚੋਣ- ਪੜ੍ਹੋ ਬਾਈਕਾਟ ਕਰਨ ਵਾਲੇ ਕਿੰਨੇ ਪੱਤਰਕਾਰ ਸਨ ?



ਚੰਡੀਗੜ੍ਹ:-( ਲੋਕ ਬਾਣੀ) ਪੰਜਾਬ ਵਿਧਾਨ ਸਭਾ ਦੀ ਪ੍ਰੈਸ ਗੈਲਰੀ ਦੀ ਸਲਾਨਾ ਚੋਣ ਅੱਜ ਪੰਜਾਬ ਵਿਧਾਨ ਸਭਾ ਦੇ ਕਮੇਟੀ ਰੂਮ ਵਿੱਚ ਹੋਈ । ਜਿਸ ਵਿੱਚ ਪ੍ਰੈਸ ਗੈਲਰੀ ਦੇ ਪ੍ਰਧਾਨ ਅਸ਼ਵਨੀ ਚਾਵਲਾ , ਸੀਨੀਅਰ ਮੀਤ ਪ੍ਰਧਾਨ ਅਮਿਤ ਕੁਮਾਰ ਪਾਂਡੇ ਤੇ ਦੀਪਕ ਸ਼ਰਮਾ ਜਨਰਲ ਸਕੱਤਰ ਸਰਬ ਸੰਮਤੀ ਨਾਲ ਬਹੁ ਗਿਣਤੀ ਮੈਂਬਰਾਂ ਨੇ ਚੁਣ ਲਿਆ। ਜਦ ਕਿ ਪਹਿਲਾਂ ਹੀ ਪ੍ਰੈਸ ਗੈਲਰੀ ਤੇ ਕਾਬਜ਼ ਧੜੇ ਦੇ 9 ਮੈਂਬਰਾਂ ਨੇ ਇਹ ਕਹਿ ਕੇ ਬਾਈਕਾਟ ਕਰ ਦਿੱਤਾ ਕਿ ਇਕੱਲੇ ਪ੍ਰਧਾਨ ਅਸ਼ਵਨੀ ਚਾਵਲਾ ਤੇ ਉਹ ਸਰਬ ਸੰਮਤੀ ਕਰਦੇ ਹਨ ,ਪਰ ਸੀਨੀਅਰ ਮੀਤ ਪ੍ਰਧਾਨ ਤੇ ਜਨਰਲ ਸਕੱਤਰ ਅਹੁਦੇ ਲਈ ਜੋ ਉਮੀਦਵਾਰ ਚਾਵਲਾ- ਪਾਂਡੇ ਪੈਨਲ ਵੱਲੋਂ ਖੜੇ ਕੀਤੇ ਗਏ ਹਨ ਉਸ ਨਾਲ ਉਹ ਸਹਿਮਤ ਨਹੀਂ। ਭਾਵੇਂ ਕਿ ਪਹਿਲਾਂ ਵਿਧਾਨ ਸਭਾ ਦੀ ਪ੍ਰੈਸੀਗੇਲਰੀ ਦੀਆਂ ਚੋਣਾਂ ਕਰਵਾਉਣ ਦੀ ਪਿਰਤ ਨੂੰ ਤੋਰਨ ਵਾਲੇ ਮੈਂਬਰਾਂ ਨੇ ਸਰਬ ਸੰਮਤੀ ਦਾ ਪਾਠ ਪੜਾਉਣਾ ਚਾਹਿਆ । ਪਰ ਚਾਵਲਾ -ਪਾਂਡੇ ਪੈਨਲ ਦੇ ਮੈਂਬਰਾਂ ਨੇ ਇੱਕਜੁੱਟ ਹੋ ਕੇ ਕਿਹਾ ਕਿ ਸਾਨੂੰ ਪ੍ਰਧਾਨ ਸਮੇਤ ਤਿੰਨੇ ਹੀ ਅਹੁਦਿਆਂ ਲਈ ਖੜੇ ਕੀਤੇ ਗਏ ਉਮੀਦਵਾਰ ਮਨਜ਼ੂਰ ਹਨ ਪਰ ਜੇਕਰ ਕਿਸੇ ਨੂੰ ਨਹੀਂ ਮਨਜ਼ੂਰ ਤਾਂ ਅਸੀਂ ਵੋਟਾਂ ਕਰਵਾਉਣ ਦੀ ਮੰਗ ਕਰਦੇ ਹਾਂ। ਜਿਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਦੇ ਸਕੱਤਰ ਸ੍ਰੀ ਰਾਮ ਲੋਕ ਖਟਾਣਾ ਨੇ ਵੋਟਿੰਗ ਕਰਵਾਉਣ ਲਈ ਹਾਜ਼ਰ ਮੀਟਿੰਗ ਮੈਂਬਰਾਂ ਤੋਂ ਜਿਉਂ ਹੀ ਸਹਿਮਤੀ ਮੰਗੀ ਤਾਂ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਚਾਵਲਾ- ਪਾਂਡੇ ਪੈਨਲ ਦੇ ਮੈਂਬਰਾਂ ਨੇ ਪੈਨਲ ਤੇ ਉਮੀਦਵਾਰਾਂ ਨੂੰ ਸਹਿਮਤੀ ਦਿੱਤੀ ਗਈ । ਪਰ ਵਿਰੋਧ ਕਰਨ ਵਾਲੇ ਸਿਰਫ 9 ਮੈਂਬਰ ਰਹਿ ਗਏ , ਜਿਹੜੇ ਕਿ ਇਹ ਕਹਿ ਕੇ ਬਾਈਕਾਟ ਕਰ ਗਏ ਕਿ ਉਹ ਸਹਿਮਤ ਨਹੀਂ । ਜਦਕਿ 18 ਹਾਜ਼ਰ ਮੈਂਬਰਾਂ ਨੇ ਸਰਬ ਸੰਮਤੀ ਨਾਲ ਅਸ਼ਵਨੀ ਚਾਵਲਾ ਨੂੰ ਪ੍ਰਧਾਨ , ਅਮਿਤ ਕੁਮਾਰ ਪਾਂਡੇ ਨੂੰ ਸੀਨੀਅਰ ਮੀਤ ਪ੍ਰਧਾਨ , ਦੀਪਕ ਸ਼ਰਮਾ ਨੂੰ ਜਨਰਲ ਸਕੱਤਰ ਦੇ ਅਹੁਦੇ ਤੇ ਚੁਣਿਆ ਗਿਆ। ਚਾਵਲਾ-ਪਾਂਡੇ ਪੈਨਲ ਨੂੰ ਸਰਬ ਸੰਮਤੀ ਨਾਲ ਚੁਣਨ ਵਾਲੇ ਹਾਜ਼ਰ ਮੈਂਬਰਾਂ ਚ ਪੰਕਜ ਕਪਾਹੀ, ਕਰਨ ਕਪੂਰ, ਪਰਮਿੰਦਰ ਸਿੰਘ ਜੱਟਪੁਰੀ, ਮੈਡਮ ਅਕਾਂਸ਼ਾ ਸਕਸੈਨਾ, ਨੇਹਾ ਸ਼ਰਮਾ, ਮਨੋਜ ਕੁਮਾਰ, ਨਰੇਸ਼ ਸ਼ਰਮਾ, ਮਨੋਜ ਜੋਸ਼ੀ, ਵਨੀਤ ਕਪੂਰ, ਵਿਜੇ ਡਾਵਰ, ਬਿਭੋਰ ਮੋਹਨ, ਨਵੀਨ ਸੇਠੀ, ਅਨਮੋਲ ਗੁਲਾਟੀ, ਵਿਸ਼ਾਲ ਪਾਠਕ, ਅੰਕੁਸ਼ ਮਹਾਜਨ ਸਮੇਤ ਤਿੰਨੇ ਅਹੁਦੇਦਾਰ ਹਾਜ਼ਰ ਸਨ ।

ਦੱਸਣ ਯੋਗ ਹੈ ਕਿ ਪੰਜਾਬ ਵਿਧਾਨ ਸਭਾ ਦੀ ਪ੍ਰੈੱਸ ਗੈਲਰੀ ਵਿੱਚ ਕੁੱਲ 30 ਮੈਂਬਰ ਹਨ। ਜਿਨਾਂ ਚੋਂ ਤਿੰਨ ਗੈਰ ਹਾਜ਼ਰ ਸਨ।

# ਅਕਾਲੀ ਦਲ ਵਰਕਿੰਗ ਕਮੇਟੀ ਵਲੋਂ ਸੁਖਬੀਰ ਬਾਦਲ ਦਾ ਅਸਤੀਫਾ ਮਨਜ਼ੂਰ



ਚੰਡੀਗੜ੍ਹ-(ਲੋਕ ਬਾਣੀ) ਚੰਡੀਗੜ੍ਹ ਸਥਿਤ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਦਫ਼ਤਰ ਵਿਖੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਵਰਕਿੰਗ ਕਮੇਟੀ ਦੀ ਅਹਿਮ ਬੈਠਕ ਹੋਈ। ਮੀਟਿੰਗ ਚ ਵਰਕਿੰਗ ਕਮੇਟੀ ਨੇ ਕਾਫ਼ੀ ਵਿਚਾਰ ਚਰਚਾ ਕਰਨਾ ਮਗਰੋਂ ਪ੍ਰਧਾਨ ਦੇ ਅਹੁਦੇ ਤੋਂ ਦਿੱਤਾ ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਮਨਜ਼ੂਰ ਕਰ ਲਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੁਖਬੀਰ ਬਾਦਲ ਤੋਂ ਇਲਾਵਾ ਬਾਕੀ ਲੀਡਰਾਂ ਦੇ ਅਸਤੀਫੇ ਵੀ ਮਨਜ਼ੂਰ ਹੋਣਗੇ।ਇਸ ਮੌਕੇ ਕਮੇਟੀ ਨੇ ਪਾਰਟੀ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਲਈ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ।

# ਡਾ. ਬਲਜੀਤ ਕੌਰ ਨੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ, ( ਲੋਕ ਬਾਣੀ)- ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸ਼ੁਕਰਵਾਰ ਨੂੰ ਚੰਡੀਗੜ੍ਹ ਵਿਖੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਅਤੇ ਕੀਤੇ ਜਾ ਰਹੇ ਵੱਖ ਵੱਖ ਕੰਮਾਂ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।



ਮੰਤਰੀ ਨੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਲੋਕ ਸ਼ੇਖਰ ਅਤੇ ਡਾਇਰੈਕਟਰ ਸ੍ਰੀ ਸੰਦੀਪ ਹੰਸ ਨਾਲ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਕੰਮ-ਕਾਜ ਅਤੇ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਸਬੰਧੀ ਵਿਸ਼ੇਸ਼ ਚਰਚਾ ਕੀਤੀ। ਇਸ ਦੌਰਾਨ ਅਧਿਕਾਰੀਆਂ ਵੱਲੋਂ ਮੰਤਰੀ ਨੂੰ ਲੋਕ ਭਲਾਈ ਸਕੀਮਾਂ ਅਧੀਨ ਕੀਤੀ ਜਾ ਰਹੀ ਕਾਰਵਾਈ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਨੇ ਆਸ਼ੀਰਵਾਦ ਸਕੀਮ, ਪੋਸਟ ਮੈਟ੍ਰਿਕ ਸਕਾਲਰਸਿਪ, ਆਦਰਸ਼ ਗ੍ਰਾਮ ਯੋਜਨਾ, ਪ੍ਰਧਾਨ ਮੰਤਰੀ ਅਭਿਉਦੈ ਯੋਜਨਾ, ਹੋਸਟਲਾਂ ਸਬੰਧੀ ਸਕੀਮਾਂ ਅਤੇ ਡਾ. ਅੰਬੇਡਕਰ ਭਵਨਾਂ ਦੀਆਂ ਇਮਾਰਤਾਂ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ। ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਿਆਂ ਵਿੱਚ ਬਣੇ ਡਾ. ਅੰਬੇਦਕਰ ਭਵਨਾਂ ਵਿੱਚ ਲੋਕਾਂ ਦੀ ਸਹੂਲਤ ਲਈ ਜਿੰਮ ਅਤੇ ਲਾਇਬ੍ਰੇਰੀਆਂ ਲਈ ਵਰਤੇ ਜਾਣ ਤਾਂ ਜੋ ਲੋਕ ਇਹਨਾਂ ਭਵਨਾਂ ਦਾ ਭਰਭੂਰ ਲਾਹਾ ਲੈ ਸਕਣ।

ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੂਬੇ ਦੀਆਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ, ਆਰਥਿਕ ਤੌਰ ਤੇ ਕਮਜੋਰ ਵਰਗ ਅਤੇ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦਾ ਸਮਾਜਿਕ ਅਤੇ ਆਰਥਿਕ ਮਿਆਰ ਉੱਚਾ ਚੁੱਕਣ ਲਈ ਸਵੈ ਰੁਜ਼ਗਾਰ ਸਕੀਮਾਂ ਲਈ ਘੱਟ ਵਿਆਜ ਦਰਾਂ 'ਤੇ ਸਿੱਧਾ ਕਰਜ਼ਾ ਸਕੀਮ, ਐਨ.ਬੀ.ਸੀ.ਸਕੀਮ ਅਤੇ ਐਨ.ਐਮ.ਡੀ. ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਇਹਨਾਂ ਸਕੀਮਾਂ ਦਾ ਲੋਕਾਂ ਤੱਕ ਸਿੱਧਾ ਲਾਭ ਪਹੁੰਚਾਉਣ ਲਈ ਜਾਗਰੂਕਤਾ ਕੈਂਪ ਲਗਾਏ ਜਾਣ। ਸੂਬੇ ਦਾ ਕੋਈ ਵੀ ਨਾਗਰਿਕ ਇਨ੍ਹਾਂ ਸਕੀਮਾਂ ਦਾ ਲਾਹਾ ਲੈਣ ਤੋਂ ਵਾਂਝਾਂ ਨਾ ਰਹੇ।

ਮੀਟਿੰਗ ਵਿੱਚ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਡਾਇਰੈਕਟਰ-ਕਮ- ਸੰਯੁਕਤ ਸਕੱਤਰ ਰਾਜ ਬਹਾਦਰ ਸਿੰਘ ਅਤੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਸੰਧੂ ਅਤੇ ਹੋਰ ਵਿਸ਼ੇਸ਼ ਤੌਰ ਤੇ ਹਾਜਰ ਹੋਏ।

# ਭਾਜਪਾ ਆਗੂ ਸੁਖਮਿੰਦਰ ਗਰੇਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਸੌਂਪਿਆ ਮੰਗ ਪੱਤਰ, ਪੜ੍ਹੋ ਡੱਲੇਵਾਲ ਦੇ ਮਰਨ ਵਰਤ ਨੂੰ ਲੈ ਕੇ ਕੀ ਹੁਕਮ...



ਅੰਮ੍ਰਿਤਸਰ- ( ਲੋਕ ਬਾਣੀ) ਪੰਜਾਬ ਤੋਂ ਭਾਜਪਾ ਦੇ ਆਗੂ ਸੁਖਮਿੰਦਰਪਾਲ ਸਿੰਘ ਗਰੇਵਾਲ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕੀਤੀ। ਉਨ੍ਹਾਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਖਤਮ ਕਰਨ ਦੇ ਹੁਕਮ ਜਾਰੀ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਉਨ੍ਹਾਂ ਨੇ ਜਥੇਦਾਰ ਰਘਬੀਰ ਸਿੰਘ ਨੂੰ ਮੰਗ ਪੱਤਰ ਸੌਂਪਿਆ, ਜਿਸ ਵਿੱਚ ਉਨ੍ਹਾਂ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੇ ਕੌਮੀ ਕਿਸਾਨ ਆਗੂ, ਗੁਰਸਿੱਖ ਅਤੇ ਕਿਸਾਨ ਪਰਿਵਾਰ ਵਿੱਚੋਂ ਹਨ। ਖਨੌਰੀ ਸਰਹੱਦ ਤੇ ਕਿਸਾਨ ਮੋਰਚੇ ਦੇ ਪ੍ਰਮੁੱਖ ਕਿਸਾਨ ਆਗੂ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ 26 ਨਵੰਬਰ 2024 ਤੋਂ ਮਰਨ ਵਰਤ ਤੇ ਹਨ।

ਉਹ 19 ਦਸੰਬਰ 2024 ਨੂੰ ਪਿੰਡ ਭੂਖੜੀ ਕਲਾਂ, ਜ਼ਿਲ੍ਹਾ ਲੁਧਿਆਣਾ ਤੋਂ ਉਨ੍ਹਾਂ ਨੂੰ ਮਿਲਣ ਲਈ ਗਏ ਸੀ, ਪਰ ਜਿਵੇਂ ਹੀ ਉਹ ਉੱਥੇ ਪਹੁੰਚਿਆ ਤਾਂ ਡੱਲੇਵਾਲ ਅਚਾਨਕ ਬੇਹੋਸ਼ ਹੋ ਗਿਆ ਅਤੇ ਉਲਟੀਆਂ ਕਰਨ ਲੱਗੇ । ਉੱਥੇ ਮੌਜੂਦ ਡਾਕਟਰ ਵੀ ਚਿੰਤਤ ਹੋ ਗਏ ਅਤੇ ਉਨ੍ਹਾਂ ਨੂੰ ਡਾਕਟਰੀ ਸਹਾਇਤਾ ਦੇਣ ਲੱਗੇ, ਜਿਸ ਕਾਰਨ ਸੁਖਮਿੰਦਰ ਦੀ ਉਨ੍ਹਾਂ ਨਾਲ ਗੱਲ ਨਹੀਂ ਕਰ ਸਕੀ ।

ਉਨ੍ਹਾਂ ਦੱਸਿਆ ਕਿ ਮੇਰਾ ਮੰਨਣਾ ਹੈ ਕਿ ਡੱਲੇਵਾਲ ਨੇ ਕੁਝ ਆਗੂਆਂ ਦੇ ਕਹਿਣ ਤੇ ਮਰਨ ਵਰਤ ਦਾ ਫੈਸਲਾ ਕੀਤਾ ਹੈ। ਅੱਜ ਉਨ੍ਹਾਂ ਦਾ ਮਰਨ ਵਰਤ 45ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ ਅਤੇ ਉਨ੍ਹਾਂ ਦੀ ਸਿਹਤ ਬਹੁਤ ਗੰਭੀਰ ਅਤੇ ਚਿੰਤਾਜਨਕ ਹਾਲਤ ਵਿੱਚ ਪਹੁੰਚ ਗਈ ਹੈ। ਉਨ੍ਹਾਂ ਕਿਹਾ ਕਿ ਭੁੱਖ ਹੜਤਾਲ 'ਤੇ ਬੈਠੇ ਲੋਕਾਂ ਨੂੰ ਆਪਣੀ ਸਿਹਤ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਹੀਂ ਪਹੁੰਚਾਉਣਾ ਚਾਹੀਦਾ ਅਤੇ ਉਹ ਤੁਰੰਤ ਆਪਣੀ ਭੁੱਖ ਹੜਤਾਲ ਵਾਪਸ ਲੈ ਕੇ ਆਪਣੀ ਸਿਹਤ ਦਾ ਖਿਆਲ ਰੱਖਣ। ਇਸ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਡੱਲੇਵਾਲ ਕਿਸਾਨਾਂ ਦੇ ਮਹਾਨ ਕਿਸਾਨ ਆਗੂ ਹਨ, ਉਨ੍ਹਾਂ ਦੀ ਜਾਨ ਬਚਾਉਣ ਲਈ ਸ੍ਰੀ ਅਕਾਲ ਤਖ਼ਤ ਨੂੰ ਤੁਰੰਤ ਉਨ੍ਹਾਂ ਦਾ ਮਰਨ ਵਰਤ ਖ਼ਤਮ ਕਰਨ ਦਾ ਹੁਕਮ ਦੇਣਾ ਚਾਹੀਦਾ ਹੈ । ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਜੋ ਕਿ ਗਰੇਵਾਲ ਦੇ ਬਹੁਤ ਪੁਰਾਣੇ ਮਿੱਤਰ ਅਤੇ ਸਹਿਯੋਗੀ ਹਨ, ਨੇ ਭਰੋਸਾ ਦਿੱਤਾ ਹੈ ਕਿ ਕੇਂਦਰ ਸਰਕਾਰ ਖੇਤੀਬਾੜੀ ਦੇ ਮੁੱਦੇ ਤੇ ਗੰਭੀਰ ਹੈ।

# ਕੈਲੀਫੋਰਨੀਆ ਚ ਅੱਗ ਨੇ ਮਚਾਈ ਤਬਾਹੀ, 40 ਹਜ਼ਾਰ ਏਕੜ ਵਿੱਚ ਫੈਲੀ ਅੱਗ, 10 ਮੌਤਾਂ

( ਲੋਕ ਬਾਣੀ) ਅਮਰੀਕਾ ਦੇ ਕੈਲੀਫੋਰਨੀਆ ਸੂਬੇ ਚ ਲਾਸ ਏਂਜਲਸ ਦੇ ਆਲੇ-ਦੁਆਲੇ ਲੱਗੀ ਅੱਗ ਚ ਸ਼ੁੱਕਰਵਾਰ ਨੂੰ ਮਰਨ ਵਾਲਿਆਂ ਦੀ ਗਿਣਤੀ ਵਧ ਕੇ 10 ਹੋ ਗਈ ਹੈ। ਇਹ ਕੈਲੀਫੋਰਨੀਆ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਅੱਗ ਹੈ। ਪਿਛਲੇ 4 ਦਿਨਾਂ ਤੋਂ ਲੱਗੀ ਅੱਗ ਲੱਗਭੱਗ 40 ਹਜ਼ਾਰ ਏਕੜ ਵਿੱਚ ਫੈਲੀ ਹੋਈ ਹੈ। 29 ਹਜ਼ਾਰ ਏਕੜ ਦਾ ਰਕਬਾ ਪੂਰੀ ਤਰ੍ਹਾਂ ਸੜ ਗਿਆ ਹੈ। ਅੱਗ ਨਾਲ ਕਰੀਬ 10 ਹਜ਼ਾਰ ਇਮਾਰਤਾਂ ਤਬਾਹ ਹੋ ਗਈਆਂ ਹਨ, ਜਦਕਿ 30 ਹਜ਼ਾਰ ਘਰ ਨੁਕਸਾਨੇ ਗਏ ਹਨ।



ਕਰੀਬ 50 ਹਜ਼ਾਰ ਲੋਕਾਂ ਨੂੰ ਤੁਰੰਤ ਆਪਣੇ ਘਰ ਖਾਲੀ ਕਰਨ ਲਈ ਕਿਹਾ ਗਿਆ ਹੈ। ਕਰੀਬ 3 ਲੱਖ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਜਾਣ ਦੇ ਨਿਰਦੇਸ਼ ਦਿੱਤੇ ਗਏ ਹਨ। ਪ੍ਰਸ਼ਾਸਨ ਨੇ ਸ਼ਨੀਵਾਰ ਤੱਕ ਅੱਗ ਦੇ ਹੋਰ ਫੈਲਣ ਦੀ ਚਿਤਾਵਨੀ ਦਿੱਤੀ ਹੈ। ਲਾਸ ਏਂਜਲਸ ਕਾਉਂਟੀ ਸ਼ੈਰਿਫ (ਜ਼ਿਲ੍ਹੇ ਦੇ ਸੀਈਓ ਦੇ ਬਰਾਬਰ) ਰਾਬਰਟ ਲੂਨਾ ਨੇ ਕਿਹਾ ਕਿ ਅੱਗ ਇੰਝ ਲੱਗ ਰਹੀ ਸੀ ਜਿਵੇਂ ਇਨ੍ਹਾਂ ਖੇਤਰਾਂ ਤੇ ਪਰਮਾਣੂ ਬੰਬ ਸੁੱਟਿਆ ਗਿਆ ਹੋਵੇ।

ਅੱਗ ਲੱਗਣ ਕਾਰਨ ਲਾਸ ਏਂਜਲਸ (*1) ਦੇ ਬਰੈਂਟਨਵੁੱਡ ਇਲਾਕੇ ਵਿੱਚ ਉਪ ਰਾਸ਼ਟਰਪਤੀ ਕਮਲਾ ਹੈਰਿਸ ਦੇ ਘਰ ਨੂੰ ਖਾਲੀ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। *1 ਅਮਰੀਕਾ ਦੀ ਸਭ ਤੋਂ ਵੱਧ ਆਬਾਦੀ ਵਾਲੀ ਕਾਉਂਟੀ ਹੈ। ਇੱਥੇ 1 ਕਰੋੜ ਤੋਂ ਵੱਧ ਲੋਕ ਰਹਿੰਦੇ ਹਨ।

ਹੈਲੀਕਾਪਟਰਾਂ ਅਤੇ ਜਹਾਜ਼ਾਂ ਨਾਲ ਕੈਲੀਫੋਰਨੀਆ ਚ ਲੱਗੀ ਅੱਗ ਤੇ ਕਾਬੂ ਪਾਉਣ ਦੇ ਯਤਨ ਕੀਤੇ ਜਾ ਰਹੇ ਹਨ। ਪਰ ਤੇਜ਼ ਹਵਾਵਾਂ ਅਤੇ ਇਨ੍ਹਾਂ ਦੀ ਬਦਲਦੀ ਦਿਸ਼ਾ ਕਾਰਨ ਅੱਗ ਵੱਖ-ਵੱਖ ਥਾਵਾਂ ਤੇ ਫੈਲ ਰਹੀ ਹੈ। ਅੱਗ ਬੁਝਾਉਣ ਲਈ ਕਰੀਬ 7500 ਫਾਇਰਫਾਈਟਰਜ਼ ਤਾਇਨਾਤ ਕੀਤੇ ਗਏ ਹਨ।

ਬਚਾਅ ਦਲ ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਪਹੁੰਚਾ ਰਿਹਾ ਹੈ। ਸਕੂਲਾਂ, ਕਮਿਊਨਿਟੀ ਸੈਂਟਰਾਂ ਅਤੇ ਹੋਰ ਸੁਰੱਖਿਅਤ ਥਾਵਾਂ ਨੂੰ ਐਮਰਜੈਂਸੀ ਸ਼ੈਲਟਰਾਂ ਵਿੱਚ ਬਦਲ ਦਿੱਤਾ ਗਿਆ ਹੈ। ਸਥਿਤੀ ਇਹ ਹੈ ਕਿ ਕਈ ਥਾਵਾਂ ਤੇ ਫਾਇਰ ਹਾਈਡ੍ਰੈਂਟਸ ਯਾਨੀ ਅੱਗ ਬੁਝਾਊ ਯੰਤਰ ਸੁੱਕੇ ਪਏ ਹਨ। ਉਨ੍ਹਾਂ ਕੋਲ ਪਾਣੀ ਖਤਮ ਹੋ ਗਿਆ ਹੈ।

# ਪਿੰਡ ਵਜੀਦੋਵਾਲ ‘ਚ ਕਰਵਾਇਆ ਨਸ਼ਿਆਂ ਅਤੇ ਜੁਰਮ ਨੂੰ ਠੱਲ੍ਹ ਪਾਉਣ ਸਬੰਧੀ ਜਾਗਰੁਕਤਾ ਸੈਮੀਨਾਰ






ਫਗਵਾੜਾ ( ਸੁਸ਼ੀਲ ਸ਼ਰਮਾ ) ਪੇਂਡੂ ਇਲਾਕਿਆਂ ਵਿਚ ਨਸ਼ਿਆਂ ਦੀ ਵਿਕਰੀ ਅਤੇ ਹਰ ਤਰ੍ਹਾਂ ਦੇ ਜੁਰਮ ਦੀ ਰੋਕਥਾਮ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਦੀ ਰਹਿਨੁਮਾਈ ਹੇਠ ਇਕ ਜਾਗਰੂਕਤਾ ਸੈਮੀਨਾਰ ਬਲਾਕ ਫਗਵਾੜਾ ਦੇ ਪਿੰਡ ਵਜੀਦੋਵਾਲ ਵਿਖੇ ਕਰਵਾਇਆ ਗਿਆ। ਐਸ.ਐਚ.ਓ. ਸਦਰ ਬਲਵਿੰਦਰ ਸਿੰਘ ਭੁੱਲਰ ਦੀ ਦੇਖਰੇਖ ਹੇਠ ਆਯੋਜਿਤ ਇਸ ਜਾਗਰੁਕਤਾ ਸੈਮੀਨਾਰ ਵਿਚ ਡੀ.ਐਸ.ਪੀ. ਫਗਵਾੜਾ ਭਾਰਤ ਭੂਸ਼ਣ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਹਨਾਂ ਨੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਗੌਰਵ ਯਾਦਵ ਦੀ ਅਗਵਾਈ ਹੇਠ ਆਰੰਭੀ ਮੁਹਿਮ ਤਹਿਤ ਕਪੂਰਥਲਾ ਜ਼ਿਲ੍ਹੇ ਵਿਚ ਪੁਲਿਸ ਪ੍ਰਸ਼ਾਸਨ ਵੱਲੋਂ ਹਰ ਪਿੰਡ ਵਿੱਚ ਪੁਲਿਸ ਪਬਲਿਕ ਮੀਟਿੰਗ ਕੀਤੀ ਜਾ ਰਹੀ ਹੈ। ਜਿਸ ਦਾ ਉਦੇਸ਼ ਨਸ਼ੇ ਵੱਲ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਦੇ ਹੋਣ ਵਾਲੇ ਨੁਕਸਾਨ ਬਾਰੇ ਜਾਗਰੁਕ ਕਰਨਾ ਹੈ, ਤਾਂ ਜੋ ਨਸ਼ਿਆਂ ਨੂੰ ਪੂਰੀ ਤਰ੍ਹਾਂ ਦੇ ਨਾਲ ਠੱਲ੍ਹ ਪੈ ਸਕੇ। ਉਹਨਾਂ ਕਿਹਾ ਕਿ ਜੋ ਨੌਜਵਾਨ ਨਸ਼ੇ ਦੇ ਆਦੀ ਹਨ ਅਤੇ ਨਸ਼ਾ ਛੱਡਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਨਸ਼ਾ ਛਡਾਊ ਕੇਂਦਰਾਂ ਵਿੱਚ ਭੇਜਣ ਦਾ ਉਪਰਾਲਾ ਕੀਤਾ ਜਾਵੇ। ਪੁਲਿਸ ਵੀ ਇਸ ਵਿਚ ਪੰਚਾਇਤਾਂ ਅਤੇ ਸਬੰਧਤ ਪਰਿਵਾਰਾਂ ਦਾ ਸਹਿਯੋਗ ਕਰੇਗੀ। ਉਹਨਾਂ ਹਦਾਇਤ ਕੀਤੀ ਕਿ ਜੇਕਰ ਕੋਈ ਵਿਅਕਤੀ ਨਸ਼ਿਆਂ ਦੀ ਤਸਕਰੀ ਕਰਦਾ ਹੈ ਤਾਂ ਉਸਦੀ ਸੂਚਨਾ ਤੁਰੰਤ ਥਾਣੇ ਵਿੱਚ ਦਿੱਤੀ ਜਾਵੇ। ਜੇਕਰ ਸੂਚਨਾ ਦੇਣ ਵਾਲਾ ਵਿਅਕਤੀ ਚਾਹੇ ਤਾਂ ਉਸਦਾ ਨਾਮ ਤੇ ਪਤਾ ਗੁਪਤ ਰੱਖਿਆ ਜਾਵੇਗਾ। ਐਸ.ਐਚ.ਓ. ਬਲਵਿੰਦਰ ਸਿੰਘ ਭੁੱਲਰ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਡਰੱਗ ਦਾ ਨਸ਼ਾ ਬਹੁਤ ਹੀ ਭਿਆਨਕ ਨਸ਼ਾ ਹੈ। ਇੱਕ ਵਾਰੀ ਇਸ ਦੀ ਲਤ ਲਗ ਜਾਵੇ ਤਾਂ ਬਹੁਤ ਮੁਸ਼ਕਲ ਦੇ ਨਾਲ ਛੱਡ ਹੁੰਦੀ ਹੈ। ਅਜਿਹੇ ਨਸ਼ੇ ਘਰ ਤੇ ਪਰਿਵਾਰ ਨੂੰ ਤਬਾਹੀ ਵਲ ਲੈ ਜਾਂਦੇ ਹਨ। ਸਰਪੰਚ ਰਿੰਪਲ ਕੁਮਾਰ ਨੇ ਪੁਲਿਸ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਪੰਚਾਇਤ ਵਲੋਂ ਪੁਲਿਸ ਨੂੰ ਨਸ਼ਿਆਂ ਦਾ ਕਾਰੋਬਾਰ ਅਤੇ ਹਰ ਤਰ੍ਹਾਂ ਦੇ ਜੁਰਮਾਂ ਦੇ ਖਾਤਮੇਂ ਵਿਚ ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਰਿਟਾ. ਇੰਸਪੈਕਟਰ ਰਮਨ ਕੁਮਾਰ, ਮੁਕੇਸ਼ ਕੁਮਾਰ ਮੁਨਸ਼ੀ ਵਜੀਦੋਵਾਲ, ਪੰਚਾਇਤ ਮੈਂਬਰ ਪੰਡਿਤ ਅਸ਼ੋਕ ਕੁਮਾਰ, ਸੰਜੀਵ ਕੁਮਾਰ, ਸੰਤੋਸ਼ ਰਾਣੀ, ਸਾਬਕਾ ਪੰਚਾਇਤ ਮੈਂਬਰ ਗੌਰਵ ਸ਼ਰਮਾ, ਨੰਬਰਦਾਰ ਸਤੀਸ਼ ਕੁਮਾਰ ਤੇ ਸੋਮਨਾਥ, ਪਵਨ ਕੁਮਾਰ, ਕੇਸ਼ਾ ਵਜੀਦੋਵਾਲ, ਦੇਵਾਂਸ਼ ਸ਼ਰਮਾ, ਚੰਦਰ ਮੋਹਨ, ਸ਼ਿਵ ਰਾਮ, ਮੋਹਨ ਲਾਲ, ਹਰਨੇਕ ਕੁਮਾਰ, ਗੁਰਦੇਵ ਰਾਮ, ਮਨਜੀਤ ਲਾਲ, ਸੋਹਨ ਲਾਲ, ਸੀਮਾ ਰਾਣੀ, ਬੀਬੀ ਸ਼ਿੰਦੋ, ਦੀਪਾ ਵਜੀਦੋਵਾਲ, ਰਾਜਕੁਮਾਰ, ਵਿਸ਼ਾਲ ਭਾਰਦਵਾਜ, ਰਵੀ ਦੱਤ, ਬਲਰਾਮ ਕੁਮਾਰ, ਸੁਰੇਸ਼ ਕੁਮਾਰ ਬਿੱਲਾ, ਚਮਨ ਲਾਲ, ਦੇਸਰਾਜ, ਬਲਿਹਾਰ ਲਾਲ ਆਦਿ ਹਾਜਰ ਸਨ

# ਕਿਸਾਨ ਜਥੇਬੰਦੀਆਂ ਦਾ ਰੋਹ ਦੇਖ ਕੇ ਕੋਈ ਵੀ ਅਧਿਕਾਰੀ ਕੁਰਕੀ ਕਰਨ ਨਾ ਪੁੱਜਾ



ਸ਼ੇਰਪੁਰ , ( ਲੋਕ ਬਾਣੀ) - ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਸ਼ੇਰਪੁਰ (ਧਨੇਰ) ਦੇ ਵੱਡੀ ਗਿਣਤੀ ਕਿਸਾਨ ਜਿਲਾ ਮੀਤ ਪ੍ਰਧਾਨ ਦਰਸ਼ਨ ਸਿੰਘ ਕਾਤਰੋਂ ਦੀ ਅਗਵਾਈ ਹੇਠ ਪਿੰਡ ਰਾਮ ਨਗਰ ਛੰਨਾਂ ਵਿਖੇ ਇਕੱਠੇ ਹੋਏ।
ਇਸ ਮੌਕੇ ਚੋਣਵੇਂ ਪੱਤਰਕਾਰਾਂ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਜ਼ਿਲਾ ਮੀਤ ਪ੍ਰਧਾਨ ਦਰਸ਼ਨ ਸਿੰਘ ਕਾਤਰੋ ਨੇ ਦੱਸਿਆ ਕਿ ਪਿੰਡ ਰਾਮ ਨਗਰ ਛੰਨਾ ਦੇ ਕਿਸਾਨ ਬਚਨ ਸਿੰਘ ਪੁੱਤਰ ਬਖਤੌਰ ਸਿੰਘ ਨੇ ਇੱਕ ਬੈਂਕ ਤੋਂ ਕਰਜ਼ਾ ਲਿਆ ਸੀ ਅਤੇ ਇਸ ਵਿੱਚੋਂ ਉਹ ਕੁਝ ਕਰਜਾ 2012 ਚ ਵਾਪਸ ਵੀ ਕਰ ਚੁੱਕਾ ਹੈ ਪ੍ਰੰਤੂ ਸਬੰਧਤ ਬੈਂਕ ਵੱਲੋਂ ਲਈ ਗਈ ਰਾਸ਼ੀ ਤੋਂ ਵੀ ਵੱਧ ਦਾ ਕਿਸਾਨ ਖਿਲਾਫ ਕੇਸ ਲਾ ਦਿੱਤਾ ਗਿਆ । ਉਨਾਂ ਕਿਹਾ ਕਿ ਉਸ ਸਮੇਂ ਕੈਪਟਨ ਦੀ ਕਾਂਗਰਸ ਸਰਕਾਰ ਨੇ ਕਰਜ਼ਾ ਮੁਆਫੀ ਦਾ ਵਾਅਦਾ ਕੀਤਾ ਸੀ ਤੇ ਸਤਾ ਸੰਭਾਲੀ ਸੀ , ਭੋਲੇ ਭਾਲੇ ਲੋਕਾਂ ਨੇ ਸਮਝਿਆ ਕਿ ਕਰਜ਼ਾ ਮਾਫ ਹੋ ਗਿਆ ਹੈ । ਜਦੋਂ ਪੀੜਿਤ ਕਿਸਾਨ ਨੇ ਜਥੇਬੰਦੀ ਨੂੰ ਦੱਸਿਆ ਕਿ ਅੱਜ ਬੈਂਕ ਵੱਲੋਂ ਕੁਰਕੀ ਕਰਨ ਆਉਣਾ ਹੈ ਤਾਂ ਕਿਸਾਨ ਜਥੇਬੰਦੀ ਪੀੜਤ ਕਿਸਾਨ ਕੋਲ ਪੁੱਜ ਗਈ ਪਰ ਕਿਸਾਨ ਜਥੇਬੰਦੀਆਂ ਦਾ ਰੋਹ ਦੇਖ ਕੇ ਕੋਈ ਵੀ ਅਧਿਕਾਰੀ ਕੁਰਕੀ ਕਰਨ ਨਹੀਂ ਪਹੁੰਚਿਆ । ਕਿਸਾਨ ਆਗੂਆਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਕਿਸੇ ਵੀ ਕਿਸਾਨ ਮਜ਼ਦੂਰ ਦੀ ਕੁਰਕੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਦਰਸ਼ਨ ਸਿੰਘ ਜ਼ਿਲਾਂ ਮੀਤ ਪ੍ਰਧਾਨ , ਗੁਰਮੁਖ ਸਿੰਘ , ਚਤਰ ਸਿੰਘ ਜਿਲਾ ਮੈਂਬਰ ਚਰਨ ਸਿੰਘ ਗਰੇਵਾਲ , ਖਜਾਨਚੀ ਰਣਜੀਤ ਸਿੰਘ, ਨਾਇਬ ਸਿੰਘ ਬਾਜਵਾ , ਸੁਰਜੀਤ ਸਿੰਘ ਪ੍ਰਧਾਨ, ਲਾਲ ਸਿੰਘ, ਪੰਮੀ ਸਿੰਘ ਕਾਤਰੋਂ ਰੂਪ ਸਿੰਘ ਜਵੰਧਾ , ਗੁਰਮੇਲ ਸਿੰਘ ਕਾਤਰੋਂ ਤੋਂ ਇਲਾਵਾ ਹੋਰ ਵੀ ਕਿਸਾਨ ਮੌਜੂਦ ਸਨ।

# ਵਧੀਕ ਡਿਪਟੀ ਕਮਿਸ਼ਨਰ ਹਰਜਿੰਦਰ ਸਿੰਘ ਬੇਦੀ ਵੱਲੋਂ ਗਾਹਲੜੀ ਸਕੂਲ ਦਾ ਦੌਰਾ



ਦੀਨਾਨਗਰ , ਦੋਰਾਂਗਲਾ ( ਡਾ ਰਮੇਸ਼ ਸਰੰਗਲ ) - ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ, ਆਈ.ਏ.ਐਸ. ਵੱਲੋਂ ਬੀਤੇ ਕੱਲ੍ਹ ਸਰਕਾਰੀ ਸੀਨੀਅਰ ਸਕੈਂਡਰੀ ਸਮਾਰਟ ਸਕੂਲ, ਗਾਹਲੜੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਜਗਵਿੰਦਰ ਸਿੰਘ, ਬੀ.ਡੀ.ਪੀ.ਓ. ਦੋਰਾਂਗਲਾ ਸ. ਦਿਲਬਾਗ ਸਿੰਘ ਸੰਧੂ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।
ਆਪਣੇ ਦੌਰੇ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਵੱਲੋਂ ਸਕੂਲ ਦੇ ਬੁਨਿਆਦੀ ਢਾਂਚੇ ਦਾ ਨਿਰੀਖਣ ਕੀਤਾ ਗਿਆ ਅਤੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਵੀ ਗੱਲਬਾਤ ਕੀਤੀ। ਸਕੂਲ ਦੇ ਪ੍ਰਿੰਸੀਪਲ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸਕੂਲ ਦੇ ਬਾਹਰਵਾਰ ਬਿਜਲੀ ਦਾ ਇੱਕ ਵੱਡਾ ਮੀਟਰ ਬਾਕਸ ਲੱਗਾ ਹੋਇਆ ਹੈ ਜੋ ਕਿ ਖ਼ਤਰਨਾਕ ਸਾਬਤ ਹੋ ਸਕਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਸਕੂਲ ਦੀਆਂ ਲੈਬਾਂ ਵਿੱਚ ਫਲੋਰ ਟਾਈਲਾਂ, ਬਾਸਕਿਟ ਬਾਲ ਗਰਾਊਂਡ ਨੂੰ ਪੱਕਿਆਂ ਕਰਨ, ਮਿੱਡ ਡੇ ਮੀਲ ਹਾਲ ਵਿੱਚ ਫਰਨੀਚਰ, ਐੱਲ.ਈ.ਡੀ., ਜਨਰੇਟਰ ਸੈੱਟ ਆਦਿ ਲੋੜਾਂ ਬਾਰੇ ਵੀ ਦੱਸਿਆ।
ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਸਕੂਲ ਦੇ ਬਾਹਰਵਾਰ ਬਿਜਲੀ ਦੇ ਇੱਕ ਵੱਡੇ ਮੀਟਰ ਬਾਕਸ ਦੇ ਹੱਲ ਲਈ ਪਾਵਰਕਾਮ ਨੂੰ ਹਦਾਇਤ ਕੀਤੀ ਜਾਵੇਗੀ ਅਤੇ ਜਲਦ ਹੀ ਇਸ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਕੂਲ ਦੀਆਂ ਹੋਰ ਵੀ ਜੋ ਲੋੜਾਂ ਹਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਜਾ ਰਹੇ ਹਨ ਅਤੇ ਇਨ੍ਹਾਂ ਸੁਧਾਰਾਂ ਤਹਿਤ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੇ ਸਰਕਾਰੀ ਸਕੂਲਾਂ ਵਿੱਚ ਵੀ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗਾਹਲੜੀ ਸਕੂਲ ਜ਼ਿਲ੍ਹੇ ਦਾ ਪ੍ਰਮੁੱਖ ਸਰਕਾਰੀ ਸਕੂਲ ਹੈ ਅਤੇ ਇਸ ਦੀਆਂ ਲੋੜਾਂ ਨੂੰ ਪਹਿਲ ਦੇ ਅਧਾਰ ਤੇ ਪੂਰਾ ਕੀਤਾ ਜਾਵੇਗਾ।
ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਪੂਰੀ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਜੀਵਨ ਦਾ ਨਿਸ਼ਾਨਾਂ ਮਿੱਥ ਕੇ ਉਸ ਨੂੰ ਪਾਉਣ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ, ਕਾਮਯਾਬੀ ਜ਼ਰੂਰ ਉਨ੍ਹਾਂ ਦੇ ਕਦਮ ਚੁੰਮੇਗੀ।

# ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਐਲਿਉਮਨੀ 2025 ਅਤੇ ਲੋਹੜੀ ਦਾ ਤਿਉਹਾਰ 12 ਜਨਵਰੀ ਨੂੰ ਮਨਾਇਆ ਜਾਵੇਗਾ।






ਗਿੱਦੜਬਾਹਾ( ਲੋਕ ਬਾਣੀ) ਗਿੱਦੜਬਾਹਾ ਦੇ ਨਜ਼ਦੀਕ ਪੈਂਦੇ ਪਿੰਡ ਸਰਦਾਰਗੜ੍ਹ ਦੇ ਬਾਬਾ ਸ੍ਰੀ ਚੰਦ ਸਰਕਾਰੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ 12 ਜਨਵਰੀ ਨੂੰ ਕਾਲਜ਼ ਕੈਂਪਸ ਵਿਖੇ ਐਲਿਊਮਨੀ 2025 ਅਤੇ ਲੋਹੜੀ ਦਾ ਤਿਓਹਾਰ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਸਾਬਕਾ ਵਿਦਿਆਰਥੀ ਕੰਵਰਜੀਤ ਸਿੰਘ ਕੰਗ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਕਾਲਜ ਦੇ ਵਿਚੋਂ ਗ੍ਰੇਜੂਏਸ਼ਨ ਕਰਨ ਵਾਲੇ ਵਿਦਿਆਰਥੀ ਸਾਲਾ ਬਾਅਦ ਮੁੜ ਕਾਲਜ਼ ਵਿਖ਼ੇ ਇਕੱਠੇ ਹੋਣਗੇ ਉਨ੍ਹਾਂ ਦੱਸਿਆ ਕਿ ਅੱਜ ਉਕਤ ਪ੍ਰੋਗਰਾਮ ਸੰਬੰਧੀ ਜਿੱਥੇ ਕਾਲਜ਼ ਦੇ ਪ੍ਰੋਫੈਸਰ ਜਸਪ੍ਰੀਤ ਸਿੰਘ ਵੱਲੋਂ ਪੋਸਟਰ ਰਿਲੀਜ਼ ਕੀਤਾ ਗਿਆ ਉੱਥੇ ਹੀ ਪ੍ਰੋਗਰਾਮ ਨੂੰ ਸਫ਼ਲ ਕਰਨ ਲਈ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਕੰਵਰਜੀਤ ਸਿੰਘ ਕੰਗ ਨੇ ਦੱਸਿਆ ਕਿ ਸਮਾਰੋਹ ਦੌਰਾਨ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ। ਇਸ ਮੌਕੇ ਪ੍ਰੋਫੈਸਰ ਜਸਪ੍ਰੀਤ ਸਿੰਘ ਤੋਂ ਇਲਾਵਾ ਕਾਲਜ਼ ਦੇ ਸਾਬਕਾ ਵਿਦਿਆਰਥੀ ਕੰਵਰਜੀਤ ਸਿੰਘ ਕੰਗ, ਐਡਵੋਕੇਟ ਰਣਬੀਰ ਬਰਾੜ ਗਿੱਲ ਪੱਤੀ,ਮਾਧੋ ਦਾਸ ਸਿੰਘ ਗਿੱਦੜਬਾਹਾ ਅਤੇ ਯਾਦਵਿੰਦਰ ਔਲਖ ਗੁਰੂਸਰ ਹਾਜ਼ਰ ਸਨ।

# ਥਾਣਾ ਸੁਲਤਾਨਪੁਰ ਲੋਧੀ ਦੀ ਪੁਲਿਸ ਵੱਲੋ 24 ਗੱਟੇ ਚਾਈਨਾ ਡੋਰ ਬਰਾਮਦ ਕਰਕੇ ਇੱਕ ਵਿਅਕਤੀ ਖਿਲਾਫ ਮੁਕੱਦਮਾ ਦਰਜ



ਸੁਲਤਾਨਪੁਰ ਲੋਧੀ ( ਲੋਕ ਬਾਣੀ)
ਮਾਨਯੋਗ ਸ੍ਰੀ ਗੋਰਵ ਤੂਰਾ IPS ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਜੀ ਵੱਲੋਂ ਪਾਬੰਦੀ ਸ਼ੁਦਾ ਚਾਈਨਾ ਡੋਰ ਦਾ ਕਾਰੋਬਾਰ ਕਰਨ ਅਤੇ ਮਾੜੇ ਅਨਸਰਾ ਵਿਰੁੱਧ ਚਲਾਈ ਗਈ ਵਿਸ਼ੇਸ਼ ਮੁਹਿਮ ਤਹਿਤ ਸ੍ਰੀ ਸਰਬਜੀਤ ਰਾਏ ਪੁਲਿਸ ਕਪਤਾਨ ਤਫਤੀਸ ਕਪੂਰਥਲਾ, ਸ੍ਰੀ ਗੁਰਮੀਤ ਸਿੰਘ DSP ਸੁਲਤਾਨਪੁਰ ਲੋਧੀ ਅਤੇ INSP ਹਰਗੁਰਦੇਵ ਸਿੰਘ SHO ਥਾਣਾ ਸੁਲਤਾਨਪੁਰ ਲੋਧੀ ਦੀ ਅਗਵਾਈ ਹੇਠ ♥9 ਗੁਰਮੀਤ ਸਿੰਘ ਇੰਚਾਰਜ ਪੀ.ਪੀ ਡੱਲਾ ਥਾਣਾ ਸੁਲਤਾਨਪੁਰ ਲੋਧੀ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਵਾ ਤਲਾਸ਼ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਮੁਹੱਲਾ ਸ਼ਟੇਸ਼ਨ ਸੁਲਤਾਨਪੁਰ ਲੋਧੀ ਮੌਜੂਦ ਸੀ ਤਾ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਤੇਜਪਰੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਰੂਰਲ ਸੁਲਤਾਨਪੁਰ ਥਾਣਾ ਸੁਲਤਾਨਪੁਰ ਲੋਧੀ ਜਿਲਾ ਕਪੂਰਥਲਾ ਜੋ ਆਪਣੇ ਘਰ ਚੋਰੀ ਛੁਪੇ ਵਿੱਚ ਪਾਬੰਦੀ ਸ਼ੁਦਾ ਚਾਈਨਾ ਡੋਰ ਰੱਖ ਕੇ ਗ੍ਰਾਹਕਾ ਨੂੰ ਵੇਚਦਾ ਹੈ ਜਿਸ ਦੇ ਘਰ ਰੇਡ ਕਰਕੇ 24 ਗੱਟੇ ਚਾਈਨਾ ਡੋਰ ਬ੍ਰਾਮਦ ਹੋਏ। ਆਰੋਪੀ ਗੁਰਤੇਜਪਰੀਤ ਸਿੰਘ ਉਕਤ ਭੱਜਣ ਵਿੱਚ ਸਫਲ ਹੋ ਗਿਆ। ਜਿਸ ਸਬੰਧੀ ਮੁਕੱਦਮਾ ਨੰਬਰ 06 ਮਿਤੀ 09-01-2025 ਅ/ਧ 233 BNS ਥਾਣਾ ਸੁਲਤਾਨਪੁਰ ਲੋਧੀ ਦਰਜ ਰਜਿਸਟਰ ਕੀਤਾ ਗਿਆ। ਆਰੋਪੀ ਗੁਰਤੇਜਪਰੀਤ ਸਿੰਘ ਉਕਤ ਦੀ ਭਾਲ ਜਾਰੀ ਹੈ । ਸ੍ਰੀ ਗੁਰਮੀਤ ਸਿੰਘ 4♥♦ ਸੁਲਤਾਨਪੁਰ ਲੋਧੀ ਵੱਲੋ ਪ੍ਰੈਸ ਰਾਹੀ ਇਲਾਕਾ ਨਿਵਾਸੀਆ ਨੂੰ ਅਪੀਲ ਕੀਤੀ ਗਈ ਕਿ ਪਾਬੰਧੀ ਸ਼ੁਦਾ ਚਾਈਨਾ ਡੋਰ ਦੀ ਵਰਤੋਂ ਨਾ ਕੀਤੀ ਜਾਵੇ। ਜੇਕਰ ਇਲਾਕੇ ਵਿੱਚ ਕੋਈ ਵਿਅਕਤੀ ਚਾਈਨਾ ਡੋਰ ਰੱਖਦਾ ਹੈ ਤਾ ਉਸਦੀ ਸੂਚਨਾ ਲੋਕਲ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਅਣਸੁਖਾਵੀ ਘਟਨਾ ਨਾ ਵਾਪਰ ਸਕੇ।

# ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਕੰਮਾਂ ਦਾ ਜਾਇਜ਼ਾ

ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼) ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲੈਂਦਿਆਂ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਬਕਾਇਆ ਇੰਤਕਾਲਾਂ ਨੂੰ ਜਲਦ ਤੋਂ ਜਲਦ ਨਿਪਟਾਇਆ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਉਹ ਇੰਤਕਾਲਾਂ ਦੀ ਸਮੇਂ ਸਿਰ ਰਜਿਸਟ੍ਰੇਸ਼ਨ ਲਈ ਇੱਕ ਵਿਆਪਕ ਵਿਧੀ ਸਥਾਪਤ ਕਰਨ ਲਈ ਬਕਾਇਆ ਕੇਸਾਂ ਦੀ ਰੋਜ਼ਾਨਾ ਨਿਗਰਾਨੀ ਕਰਨਗੇ।ਉਨ੍ਹਾਂ ਅਧਿਕਾਰੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਤਹਿਸੀਲਾਂ ਵਿੱਚ ਲੋਕਾਂ ਦੀਆਂ ਰੋਜ਼ਾਨਾ ਪ੍ਰਸ਼ਾਸਨਿਕ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਹਨ।

ਉਨ੍ਹਾਂ ਕਿਹਾ ਕਿ ਮਾਲ ਵਿਭਾਗ ਨਾਲ ਸਬੰਧਿਤ ਸੇਵਾਵਾਂ ਵਿਚ ਬੇਲੋੜੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਮੂਹ ਤਹਿਸੀਲਾਂ ਤੇ ਸਬ ਤਹਿਸੀਲਾਂ ਅੰਦਰ ਸਬੰਧਿਤ ਐਸ.ਡੀ.ਐਮਜ਼



ਆਪਸੀ ਸਮਝ ਵਾਲੇ ਕੇਸਾਂ ਵਿਚ ਇੰਤਕਾਲਾਂ ਦਾ ਸਮੇਂ ਸਿਰ ਦਰਜ਼ ਹੋਣ ਸਬੰਧੀ ਨਿੱਜੀ ਤੌਰ 'ਤੇ ਨਿਗਰਾਨੀ ਲਈ ਜ਼ਿੰਮੇਵਾਰ ਹੋਣਗੇ।ਉਨ੍ਹਾਂ ਮਾਲ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਵਿਭਾਗ ਦੇ ਅਦਾਲਤੀ ਕੇਸਾਂ ਨੂੰ ਜਲਦ ਤੋਂ ਜਲਦ ਨਿਪਟਾਉਣ ਦੇ ਵੀ ਹੁਕਮ ਦਿੱਤੇ।ਉਨ੍ਹਾਂ ਕਿਹਾ ਕਿ ਰਿਕਵਰੀ ਦੇ ਕੇਸਾਂ ਵਿੱਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਸਰਕਾਰੀ ਖਜਾਨੇ ਨੂੰ ਕੋਈ ਨੁਕਸਾਨ ਨਾ ਹੋਵੇ ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਸਹਾਇਕ ਕਮਿਸ਼ਨਰ ਕਮ ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਐਸ.ਡੀ.ਐਮ.ਅਮਰਗੜ੍ਹ ਸੁਰਿੰਦਰ ਕੌਰ, ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ, ਤਹਿਸ਼ੀਲਦਾਰ ਸ਼ੀਸਪਾਲ ਸਿੰਗਲਾ,ਨਾਇਬ ਤਹਿਸ਼ੀਲਦਾਰ ਪਰਵੀਨ ਕੁਮਾਰ,ਨਾਇਬ ਤਹਿਸ਼ੀਲਦਾਰ ਵਿਨੋਦ ਕੁਮਾਰ,ਸਦਰ ਕਾਨੰਗੋ ਰਣਜੀਤ ਸਿੰਘ ਮੌਜੂਦ ਸਨ।

# ਪ੍ਰਾਈਵੇਟ ਸਕੂਲਾਂ ਦੇ ਪ੍ਰੀ-ਪ੍ਰਾਇਮਰੀ ਵਿੰਗ ਅਤੇ ਸਾਰੇ ਪ੍ਰਾਈਵੇਟ ਪਲੇਅ-ਵੇਅ ਸਕੂਲਾਂ ਦੀ



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼) ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਦੇ ਲਈ ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲ ਜੋ ਕਿ ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ ਦੇ ਖੇਤਰ ਵਿਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਲਈ ਨੋਟੀਫ਼ਿਕੇਸ਼ਨ ਜਾਰੀ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਪੰਜਾਬ ਰਾਜ ਵਿੱਚ 3-6 ਸਾਲ ਦੇ ਬੱਚਿਆਂ ਲਈ ਈ.ਸੀ.ਸੀ.ਈ. ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਵੱਲੋਂ ਰਜਿਸਟ੍ਰੇਸ਼ਨ ਪ੍ਰੀਕਿਆ ਸ਼ੁਰੂ ਹੋ ਚੁੱਕੀ ਹੈ । ਇਹ ਰਜਿਸਟ੍ਰੇਸ਼ਨ ਲਾਜ਼ਮੀ ਬਣਾਉਣ ਲਈ ਤੁਰੰਤ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ, ਮਾਲੇਰਕੋਟਲਾ ਜਾਂ ਸਬੰਧਤ ਬਲਾਕ ਦੇ ਸੀ.ਡੀ.ਪੀ.ਓ., ਜਿਲ੍ਹਾ ਮਾਲੇਰਕੋਟਲਾ ਨਾਲ ਤਾਲਮੇਲ ਕਰਕੇ ਐਪਲੀਕੇਸ਼ਨ ਫ਼ਾਰਮ ਨੰਬਰ-1 ਪ੍ਰਾਪਤ ਕੀਤਾ ਜਾ ਸਕਦਾ ਹੈ। ਜੇਕਰ ਰਜਿਸਟ੍ਰੇਸ਼ਨ ਦੌਰਾਨ ਕਿਸੇ ਕਿਸਮ ਦੀ ਦਿੱਕਤ ਹੁੰਦੀ ਹੈ ਤਾਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਮਾਲੇਰਕੋਟਲਾ ਜਾਂ ਸਬੰਧਤ ਬਲਾਕ ਦੇ ਸੀ.ਡੀ.ਪੀ.ਓ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਹਰੇਕ ਪਲੇਅ-ਵੇਅ ਸਕੂਲ ਨੂੰ ਰਜਿਸਟਰਡ ਕਰਵਾਉਣਾ ਲਾਜ਼ਮੀ ਕਰਾਰ ਕੀਤਾ ਗਿਆ ਹੈ।ਜ਼ਿਲ੍ਹੇ ਅਧੀਨ ਸਾਰੇ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇ ਸਕੂਲਾਂ ਦੀ ਚੈਕਿੰਗ ਕੀਤੀ ਜਾਵੇਗੀ। ਜੇਕਰ ਕੋਈ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇ ਸਕੂਲ ਪਾਲਿਸੀ ਦੇ ਮਾਪਦੰਡ ਨੂੰ ਪੂਰਾ ਨਹੀ ਕਰਦੇ ਹਨ ਤਾਂ ਉਹਨਾਂ 'ਤੇ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਬ੍ਰਹਮਕੁਮਾਰੀ ਆਸ਼ਰਮ ਵਲੋਂ ਨਗਰ ਨਿਗਮ ਚੋਣਾਂ ਦੌਰਾਨ ਜੈਤੂ ਕੋਸਲਰਾ ਦਾ ਕੀਤਾ ਗਿਆ ਸਨਮਾਨ

ਫਗਵਾੜਾ (ਸੁਸ਼ੀਲ ਸ਼ਰਮਾ ) ਬ੍ਰਹਮ ਕੁਮਾਰੀ ਆਸ਼ਰਮ ਸੁਭਾਸ਼ ਨਗਰ ਗਲੀ ਨੰਬਰ 1 ਵਿੱਖੇ ਬੀਤੇ ਦਿਨੀਂ ਹੋਈਆ ਨਗਰ ਨਿਗਮ ਚੋਣਾਂ ਚ ਵੱਖ ਵੱਖ ਪਾਰਟੀਆ ਦੇ ਜੈਤੂ ਰਹੇ ਕੋਂਸਲਰਾਂ ਨੂੰ ਵਧਾਈਆ ਦੇਣ ਅਤੇ ਉਨ੍ਹਾਂ ਦਾ ਸਨਮਾਨ ਕਰਨ ਸਬੰਧੀ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਆਸ਼ਰਮ ਦੀ ਸੰਚਾਲਕ ਸੁਮਨ ਦੀਦੀ ਦੀ ਰਹਿਨੁਮਾਈ ਹੇਠ ਕੀਤਾ ਗਿਆ ਜਿਸ ਵਿੱਚ ਵੱਖ ਵੱਖ ਪਾਰਟੀਆਂ ਦੇ ਕੋਂਸਲਰਾਂ ਨੇ ਸ਼ਮੂਲੀਅਤ ਕੀਤੀ ਇਸ ਮੌਕੇ ਜਿੱਥੇ ਜੈਤੂ ਕੋਸਲਰਾ ਨੂੰ ਵਧਾਈ ਦਿੱਤੀ ਗਈ ਉੱਥੇ ਹੀ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ ਨਵ ਨਿਯੁਕਤ ਕੋਂਸਲਰਾਂ ਵਲੋਂ ਬ੍ਰਹਮਕੁਮਾਰੀ ਆਸ਼ਰਮ ਵਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ ਉੱਥੇ ਹੀ ਉਨ੍ਹਾਂ ਅਪਣੇ ਆਪ ਨੂੰ ਭਾਗਿਆਸਾਲੀ ਮਹਿਸੂਸ ਕੀਤਾ ਕਿ ਸਾਡੀ ਪ੍ਰਭੂ ਦੇ ਘਰ ਹਾਜਰੀ ਲਗੀ ਹੈ ਸੁਮਨ ਦੀਦੀ ਨੇ ਆਖਿਆ ਕਿ ਹੁਣ ਕੋਂਸਲਰਾਂ ਦਾ ਫਰਜ਼ ਬਣਦਾ ਹੈ ਕਿ ਉਹ ਲੋਕਾਂ ਦੀਆ ਉਮੀਦਾ ਤੇ ਖਰਾ ਉਤਰਨ ਅਤੇ ਲੋਕਾ ਦੇ ਕੰਮ ਪਹਿਲ ਦੇ ਆਧਾਰ ਤੇ ਕਰਨ ਨੂੰ ਤਰਜੀਹ ਦੇਣ ਉਨ੍ਹਾਂ ਆਸ਼ਰਮ ਸੰਬੰਧੀ ਵੀ ਕੋਸਲਰਾ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਇਸ ਮੌਕੇ ਸੈਂਟਰ ਇੰਚਾਰਜ ਸੁਮਨ ਦੀਦੀ , ਵਿਜੇ ਬਾਟਲਾ , ਰਾਕੇਸ਼ ਵਡੇਰਾ , ਨਰੇਸ਼ , ਰਾਖੀ , ਸਰਿਤਾ , ਸੁਰੇਸ਼ ਦੁੱਗਲ , ਕੋਸਲਰ ਪ੍ਰਮਜੀਤ ਕੌਰ ਵਾਲੀਆ , ਬੰਟੀ ਵਾਲੀਆ , ਸੁਸ਼ੀਲ ਮੈਣੀ , ਰੀਨਾ ਰਾਣੀ , ਸੀਤਾ ਦੇਵੀ , ਸੁਮਨ ਸ਼ਰਮਾ , ਜਸਦੇਵ ਸਿੰਘ ਪ੍ਰਿੰਸ ,



ਮਦਨ ਮੋਹਨ ਖੱਟੜ , ਗੁਰਪ੍ਰੀਤ ਕੌਰ ਜੰਡੂ , ਗੁਰਜੀਤ ਸਿੰਘ ਵਾਲੀਆ ,ਡਾ ਦਰਸ਼ਨ ਰਾਮ ਕਟਾਰੀਆ , ਵਿਜੇ ਕੁਮਾਰ ਆਦਿ ਮੌਜੂਦ ਸਨ

# ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੇ ਹਲਕਾ ਖਰੜ-119 ਦੀ ਵੋਟਰ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ: ਗੁਰਮੰਦਰ ਸਿੰਘ



ਖਰੜ, ( ਕਾਲਾ ਸਿੰਘ ਸੈਣੀ )-ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੇ ਕਮਿਸ਼ਨਰ ਵਲੋਂ ਜਾਰੀ ਹਦਾਇਤਾਂ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੇ ਚੋਣ ਹਲਕਾ-119 ਖਰੜ ਦੀਆਂ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਕਰ ਦਿੱਤੀ ਗਈ ਹੈ ਅਤੇ ਵੋਟਰ ਸੂਚੀਆਂ ਤੇ ਦਾਅਵੇ ਤੇ ਇਤਰਾਜ਼ 24 ਜਨਵਰੀ 2025 ਤੱਕ ਪ੍ਰਾਪਤ ਕੀਤੇ ਜਾਣਗੇ। ਇਹ ਜਾਣਕਾਰੀ ਰਿਵਾਇਜ਼ਿੰਗ ਅਥਾਰਟੀ ਅਫਸਰ 119 ਹਲਕਾ ਖਰੜ-ਕਮ-ਉਪ ਮੰਡਲ ਮੈਜਿਸਟ੍ਰੇਟ ਖਰੜ ਸ. ਗੁਰਮੰਦਰ ਸਿੰਘ ਨੇ ਦਿੰਦਿਆ ਦਸਿਆ ਕਿ ਮਾਨਯੋਗ ਕਮਿਸ਼ਨਰ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਵਲੋਂ ਜਾਰੀ ਹਦਾਇਤਾਂ ਅਨੁਸਾਰ ਪ੍ਰਕਾਸ਼ਿਤ ਕੀਤੀ ਗਈ ਵੋਟਰ ਸੂਚੀ ਤਹਿਸੀਲਦਾਰ ਖਰੜ, ਨਾਇਬ ਤਹਿਸੀਲਦਾਰ ਮਾਜਰੀ, ਕਾਰਜ ਸਾਧਕ ਅਫਸਰ ਨਗਰ ਕੌਂਸਲ ਖਰੜ, ਕੁਰਾਲੀ, ਨਿਆਂ ਗਰਾਓ, ਘੜੂੰਆਂ ਨੂੰ ਭੇਜ ਦਿੱਤੀਆਂ ਗਈਆਂ ਹਨ ਅਤੇ ਉਨਾਂ ਨੂੰ ਹਦਾਇਤਾਂ ਜਾਰੀ ਕੀਤਦੀਆਂ ਗਈਆਂ ਹਨ ਕਿ ਉਹ ਆਪਣੇ ਆਪਣੇ ਅਧੀਨ ਆਉਦੇ ਏਰੀਏ ਦੀਆਂ ਵੋਟਰ ਸੂਚੀਆਂ ਦੀਆਂ ਕਾਪੀਆਂ ਆਮ ਜਨਤਾ ਨੂੰ ਦਿਖਾਉਣ ਅਤੇ ਇਤਰਾਜ਼ ਤੇ ਦਾਅਵੇ ਨਿਰਧਾਰਿਤ ਮਿਤੀ ਤੱਕ ਪ੍ਰਾਪਤ ਕੀਤੇ ਜਾਣ। ਉਨਾਂ ਇਹ ਵੀ ਸਪੱਸ਼ਟ ਕੀਤਾ ਕਿ ਗੁਰਦੁਆਰਾ ਪ੍ਰਬੰਧਕ ਬੋਰਡ ਦੇ ਕਮਿਸ਼ਨਰ ਵਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਰੋਜਾਨਾ ਪ੍ਰਾਪਤ ਕੀਤੇ ਜਾਣ ਵਾਲੇ ਦਾਅਵੇ ਅਤੇ ਇਤਰਾਜ਼ ਉਨਾਂ ਦੇ ਦਫਤਰ ਨੂੰ ਮੁਕੰਮਲ ਰਿਪੋਰਟ ਭੇਜੀ ਜਾਵੇ ,ਦਾਅਵੇ ਅਤੇ ਇਤਰਾਜ਼ ਜੋ ਪ੍ਰਾਪਤ ਹੋਣਗੇ ਉਨਾਂ ਦਾ 5 ਫਰਵਰੀ ਨੂੰ ਨਿਪਟਾਰਾ ਕਰ ਦਿੱਤਾ ਜਾਵੇਗਾ । ਉਨਾਂ ਦਸਿਆ ਕਿ ਸ਼੍ਰੋਮਣੀ ਗੁਰਦੁਆਰਾ ਕਮੇਟੀ ਬੋਰਡ ਦੇ ਹਲਕਾ ਖਰੜ-119 ਵਿਚ ਕੁਲ 29118 ਵੋਟਰ ਬਣੇ ਹਨ ਅਤੇ ਇਸ ਹਲਕੇ ਵਿਚ 61 ਪੋਲਿੰਗ ਬੂਥ ਹੋਣਗੇ।

# ਸੜਕੀ ਹਾਦਸਿਆਂ ਚ ਜਖਮੀ ਮਰੀਜਾਂ ਨੂੰ ਫਰਿਸਤੇ ਸਕੀਮ ਤਹਿਤ ਮਿਲੇਗਾ ਮੁਫਤ ਇਲਾਜ- : ਡਾ. ਰਿਚਾ ਭਾਟੀਆ

ਕਪੂਰਥਲਾ/ ਫਗਵਾੜਾ (ਸੁਸ਼ੀਲ ਸ਼ਰਮਾ ) ਡਾ. ਬਲਵੀਰ ਸਿੰਘ ਮੰਤਰੀ ਸਿਹਤ ਪਰਿਵਾਰ ਭਲਾਈ ਵਿਭਾਗ ਪੰਜਾਬ, ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਨੁਸਾਰ ਪੰਜਾਬ ਵਿੱਚ ਸੜਕੀ ਹਾਦਸਿਆਂ ਵਿੱਚ ਜਖਮੀ ਮਰੀਜਾਂ ਨੂੰ ਫਰਿਸ਼ਤੇ ਸਕੀਮ ਤਹਿਤ ਮੁਫਤ ਇਲਾਜ ਦਿੱਤਾ ਜਾਵੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨੇ ਦੱਸਿਆ ਗਿਆ ਕਿ ਇਸ ਸਕੀਮ ਤਹਿਤ ਸਰਕਾਰ ਵੱਲੋਂ ਸੜਕੀ ਹਾਦਸਿਆਂ ਦੌਰਾਨ ਗੋਲਡਨ ਆਵਰ ਦੀ ਵੱਧ ਤੋਂ ਵੱਧ ਸੁੱਚਜੀ ਵਰਤੋਂ ਕਰਕੇ ਕੌਮੀਅਤ, ਜਾਤ-ਪਾਤ, ਸਮਾਜਿਕ, ਆਰਥਿਕ ਆਦਿ ਸਥਿਤੀ ਦੇ ਬਿਨਾਂ ਕਿਸੇ ਭੇਦਭਾਵ ਤੋਂ ਹਾਦਸਾ ਪੀੜਤਾਂ ਦਾ ਨੇੜਲੇ ਸਰਕਾਰੀ ਹਸਪਤਾਲਾਂ ਸਮੇਤ ਪ੍ਰਾਈਵੇਟ ਸੂਚੀਬੱਧ ਹਸਪਤਾਲਾਂ ਵਿੱਚ ਵੀ ਮੁਫ਼ਤ ਇਲਾਜ ਕਰਵਾ ਸਕਦੇ ਹਨ। ਉਹਨਾਂ ਦੱਸਿਆ ਕਿ ਗੋਲਡਨ ਆਵਰ ਸੜਕ ਦੁਰਘਟਨਾ ਤੋਂ ਬਾਅਦ ਪਹਿਲਾਂ ਮਹੱਤਵਪੂਰਨ ਘੰਟਾ ਹੁੰਦਾ ਹੈ ਜਿਸ ਦੌਰਾਨ ਜੇਕਰ ਕਿਸੇ ਗੰਭੀਰ ਜਖਮੀ ਵਿਅਕਤੀ ਨੂੰ ਬਣਦੀ ਦੇਖਭਾਲ ਮਿਲ ਜਾਵੇ ਤਾਂ ਉਸ ਦੀ ਜਾਨ ਬਚਣ ਦੀ ਸੰਭਾਵਨਾ ਬਹੁਤ ਵੱਧ ਜਾਂਦੀ ਹੈ ਡਾ. ਸੰਦੀਪ ਭੋਲਾ ਡਿਪਟੀ ਮੈਡੀਕਲ ਕਮਿਸ਼ਨਰ ਕਮ ਨੋਡਲ ਅਫਸਰ ਕਪੂਰਥਲਾ ਦੁਆਰਾ ਦੱਸਿਆ ਗਿਆ ਕਿ ਸੜਕ ਹਾਦਸੇ ਦੇ ਇਲਾਜ ਲਈ ਹਸਪਤਾਲ ਵਿੱਚ ਲਿਜਾਣ ਸਮੇਂ ਵਿਅਕਤੀ ਨੂੰ ਸਰਕਾਰ ਵੱਲੋਂ



ਸਨਮਾਨਿਤ ਵੀ ਕੀਤਾ ਜਾਵੇਗਾ। ਉਦੋਂ ਤੱਕ ਪੁਲਿਸ ਵੱਲੋਂ ਕਿਸੇ ਕਿਸਮ ਦੀ ਕੋਈ ਪੁੱਛਗਿੱਛ ਨਹੀਂ ਕੀਤੀ ਜਾਵੇਗੀ, ਜਦੋਂ ਤੱਕ ਸੜਕ ਦੁਰਘਟਨਾ ਦੇ ਸ਼ਿਕਾਰ ਵਿਅਕਤੀ ਨੂੰ ਹਸਪਤਾਲ ਲੈ ਕੇ ਆਇਆ ਵਿਅਕਤੀ ਖੁਦ ਚਸਮਦੀਨ ਗਵਾਹ ਬਣਨ ਦੀ ਇੱਛਾ ਨਾ ਪ੍ਰਗਟਾਉਂਦਾ ਹੋਵੇ ਫਰਿਸਤੇ ਸਕੀਮ ਅਧੀਨ ਪੰਜਾਬ ਦੇ ਸਮੂਹ ਇਪੈਨਲਡ ਹਸਪਤਾਲਾਂ ਦੀ ਸੂਚੀ ਵਿਭਾਗ ਦੀ ਵੈਬਸਾਈਟ sha.punjab.gov.in ਤੇ ਉਪਲੱਬਧ ਹੈ

# ਸ਼੍ਰੋਮਣੀ ਅਕਾਲੀ ਦਲ ਪੂਰੇ ਉਤਸ਼ਾਹ ਨਾਲ ਲੜੇਗਾ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ - ਖੁਰਾਣਾ, ਚੰਦੀ

ਫਗਵਾੜਾ 1 ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ ਵਿਧਾਨਸਭਾ ਹਲਕਾ ਫਗਵਾੜਾ ਵਲੋਂ ਨਗਰ ਨਿਗਮ ਚੋਣਾਂ ਦੌਰਾਨ ਚੁਣੇ ਗਏ ਪਾਰਟੀ ਦੇ ਤਿੰਨ ਨਗਰ ਕੌਂਸਲਰਾਂ ਨੂੰ ਸਨਮਾਨਤ ਕਰਨ ਸਬੰਧੀ ਇਕ ਸਮਾਗਮ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਕਰਵਾਇਆ ਗਿਆ। ਸ਼ਹਿਰੀ ਹਲਕਾ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਸ. ਰਾਜਿੰਦਰ ਸਿਘ ਚੰਦੀ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਕੌਂਸਲਰ ਪ੍ਰਿਤਪਾਲ ਸਿੰਘ ਮੰਗਾ, ਬੀਬੀ ਜਸਵਿੰਦਰ ਕੌਰ ਪਤਨੀ ਬਲਜਿੰਦਰ ਸਿੰਘ ਠੇਕੇਦਾਰ ਸਾਬਕਾ ਕੌਂਸਲਰ ਅਤੇ ਬੀਬੀ ਕਮਲਜੀਤ ਕੌਰ ਪਤਨੀ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਂਸਲਰ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਣਜੀਤ ਸਿੰਘ ਖੁਰਾਣਾ ਅਤੇ ਰਜਿੰਦਰ ਸਿੰਘ ਚੰਦੀ ਨੇ ਕਿਹਾ ਕੇ ਨਵੇਂ ਚੁਣੇ ਕੌਸਲਰ ਸ਼ਹਿਰ ਦੇ ਵਿਕਾਸ ਲਈ ਲੜਨਗੇ ਲੜਾਈ। ਉਪਰੰਤ ਸਮੂਹ ਅਕਾਲੀ ਆਗੂਆਂ ਨੇ ਮੀਟਿੰਗ ਕਰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਨੇੜਲੇ ਭਵਿੱਖ ਵਿਚ ਹੋਣ ਵਾਲੀਆਂ ਚੋਣਾਂ ਸਬੰਧੀ ਪ੍ਰਸ਼ਾਸਨ ਵਲੋਂ ਜਾਰੀ ਕੀਤੀਆਂ ਨਵੀਂਆਂ ਵੋਟਰ ਸੂਚੀਆਂ ਬਾਰੇ ਵਿਚਾਰਾਂ ਕੀਤੀਆਂ।





ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਰਜਿੰਦਰ ਸਿੰਘ ਚੰਦੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਸਿੱਖ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਪ੍ਰਸ਼ਾਸਨ ਨੇ ਜੋ ਵੋਟਰ ਸੂਚੀਆਂ ਜਾਰੀ ਕੀਤੀਆਂ ਹਨ, ਉਹਨਾਂ ਨੂੰ ਵਾਚਿਆ ਜਾ ਰਿਹਾ ਹੈ। ਜੇਕਰ ਇਤਰਾਜ ਹੋਣਗੇ ਤਾਂ ਦਰੁੱਸਤੀ ਕਰਵਾਈ ਜਾਵੇਗੀ। ਉਹਨਾਂ ਸਮੂਹ ਵੋਟਰਾਂ ਨੂੰ ਵੀ ਪੁਰਜੋਰ ਅਪੀਲ ਕੀਤੀ ਕਿ ਇਹਨਾਂ ਵੋਟਰ ਸੂਚੀਆਂ ਵਿਚ ਆਪਣੇ ਨਾਮ ਦੀ ਜਾਂਚ ਕਰਨ ਤਾਂ ਜੋ ਕਿਸੇ ਵੀ ਕਾਰਨ ਤੋਂ ਕੱਟੇ ਗਏ ਜਾਂ ਗਲਤ ਦਰਜ ਹੋਏ ਨਾਵਾਂ ਦੀ ਦਰੁੱਸਤੀ ਸਮੇਂ ਸਿਰ ਕਰਵਾਈ ਜਾ ਸਕੇ। ਇਸ ਮੌਕੇ ਸੀਨੀਅਰ ਆਗੂ ਜਥੇਦਾਰ ਗੁਰਮੁਖ ਸਿੰਘ , ਪਤਵਿੰਦਰ ਸਿੰਘ ਛਾਬੜਾ, ਅਵਤਾਰ ਸਿੰਘ ਭੁੰਗਰਨੀ, ਸਾਬਕਾ ਕੌਂਸਲਰ ਬਲਜਿੰਦਰ ਸਿੰਘ ਠੇਕੇਦਾਰ, ਪ੍ਰਿਤਪਾਲ ਸਿੰਘ ਮੰਗਾ, ਹਰਵਿੰਦਰ ਸਿੰਘ ਵਾਲੀਆ, ਸੁਖਵਿੰਦਰ ਸਿੰਘ ਕੰਬੋਜ, ਗੁਰਦਾਵਰ ਸਿੰਘ ਭਾਖੜੀਆਣਾ, ਗੁਰਦੀਪ ਸਿੰਘ ਖੇੜਾ, ਮਾਸਟਰ ਰਵੇਲ ਸਿੰਘ, ਬਹਾਦਰ ਸਿੰਘ ਸੰਗਤਪੁਰ, ਝਿਰਮਲ ਸਿੰਘ ਭਿੰਡਰ, ਯੂਥ ਆਗੂ ਗੁਰਸਿਮਰ ਸਿੰਘ ਨੇ ਵੀ ਸੰਬੋਧਨ ਕੀਤਾ ਇਸ ਮੌਕੇ ਗੁਰਮੀਤ ਸਿੰਘ ਮਾਧੋਪੁਰ, ਗੁਰਮੀਤ ਸਿੰਘ ਰਾਵਲਪਿੰਡੀ, ਬਲਜੀਤ ਸਿੰਘ ਵਾਲੀਆ, ਧਰਮਿੰਦਰ ਟੋਨੀ, ਸੁਖਬੀਰ ਸਿੰਘ ਕਿੰਨੜਾ, ਸਤਵਿੰਦਰ ਸਿੰਘ ਘੁੰਮੰਣ , ਗਿਆਨ ਸਿੰਘ ਚਾਨਾ, ਹਰਦੀਪ ਸਿੰਘ ਬੇਦੀ, ਰਣਜੀਤ ਸਿੰਘ ਜੀਤੀ, ਗੁਰਪ੍ਰੀਤ ਸਿੰਘ ਗੋਪੀ, ਚਰਨਜੀਤ ਸਿੰਘ ਬਰਨਾ , ਦਵਿੰਦਰ ਸਿੰਘ , ਗੁਰਪ੍ਰੀਤ ਸਿੰਘ, ਗੁਰਮੁੱਖ ਸਿੰਘ ਚਾਨਾ, ਗੁਰਦੀਪ ਸਿੰਘ ਖੇੜਾ, ਬਹਾਦਰ ਸਿੰਘ ਸੰਗਤਪੁਰ, ਸੁਖਬੀਰ ਸਿੰਘ, ਸੁਖਵੰਤ ਸਿੰਘ, ਯੂਥ ਆਗੂ ਸੁਖਦੀਪ ਸਿੰਘ ਵਾਲੀਆਂ, ਸਰਬਜੀਤ ਸਿੰਘ ਕਾਕਾ, ਦਵਿੰਦਰ ਸਿੰਘ, ਰਣਜੀਤ ਸਿੰਘ ਸੰਦਲ, ਨਰਿੰਦਰ ਸਿੰਘ ਗੋਲਡੀ , ਜਸਵੀਰ ਸਿੰਘ ਟਿੱਬੀ, ਗੁਰਦਿਆਂਲ ਸਿੰਘ ਲੱਖਪੁਰ, ਜੋਗਾ ਸਿੰਘ ਢੱਡੇ , ਰਿੰਕੂ ਪਾਹਵਾ, ਪ੍ਰਗਟ ਸਿੰਘ, ਨਿਰਮਲ ਸਿੰਘ, ਆਦਿ ਹਾਜਰ ਸਨ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ 50 ਸਕੂਲੀ ਵਿਦਿਆਰਥੀਆਂ ਨੂੰ ਵੰਡੇ ਬੂਟਾਂ ਦੇ ਜੋੜੇ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਸਰਦੀ ਦੇ ਮੌਸਮ 'ਚ ਰਾਸ਼ਟਰੀਆ ਬਾਲ ਵਿਦਿਆਲਿਆ ਦੇ 50 ਵਿਦਿਆਰਥੀਆਂ ਨੂੰ ਬੂਟਾਂ ਦੇ ਨਵੇਂ ਜੋੜਿਆਂ ਦੀ ਸੇਵਾ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਦੱਸਿਆ ਕਿ ਇਹ ਉਪਰਾਲਾ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦੇ ਸਹਿਯੋਗ ਸਦਕਾ ਕੀਤਾ ਗਿਆ ਹੈ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਨੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਸੁਸਾਇਟੀ ਵਲੋਂ ਕੀਤੇ ਜਾਂਦੇ ਸਮਾਜ ਸੇਵੀ ਕਾਰਜਾਂ ਬਾਰੇ ਵੀ ਚਾਨਣਾ ਪਾਇਆ। ਸਕੂਲ ਪ੍ਰਿੰਸੀਪਲ ਦੀਵੇਸ਼ਵਰੀ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿਹਾ ਕਿ ਠੰਡ ਦੇ ਮੌਸਮ ਵਿਚ ਇਹ ਉਪਰਾਲਾ ਵਿਦਿਆਰਥੀਆਂ ਦੇ ਲਈ ਬਹੁਤ ਹੀ ਲਾਹੇਵੰਦ ਹੈ। ਇਸ ਮੌਕੇ ਵਰਿੰਦਰ ਸ਼ਰਮਾ, ਰਾਮ ਲੁਭਾਇਆ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਬ੍ਰਿਜ ਭੂਸ਼ਨ, ਮਨੀਸ਼ ਕਨੌਜੀਆ, ਵਿਕਾਸ ਮਨੀ, ਪੁਨੀਤ ਕੁਮਾਰ ਅਤੇ ਸਕੂਲ ਸਟਾਫ ਹਾਜਰ ਸੀ।

# ਬਾਲ ਮੌਤ ਸਮੀਖਿਆ ਵਿਸ਼ੇ ਤੇ ਦੋ ਰੋਜ਼ਾ ਜ਼ਿਲਾ ਪੱਧਰੀ ਟ੍ਰੇਨਿੰਗ ਕਰਵਾਈ

ਫਗਵਾੜਾ (ਸੁਸ਼ੀਲ ਸ਼ਰਮਾ)

ਜਨਵਰੀ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ.ਰਿਚਾ ਭਾਟੀਆ ਦੀ ਪ੍ਰਧਾਨਗੀ ਅਤੇ ਜ਼ਿਲਾ ਟੀਕਾਕਰਨ ਅਫਸਰ ਡਾ.ਰਣਦੀਪ ਸਿੰਘ ਦੀ ਅਗਵਾਈ ਹੇਠ ਦਫਤਰ ਸਿਵਲ ਸਰਜਨ ਕਪੂਰਥਲਾ ਵਿਖੇ ਸੀਨੀਅਰ ਮੈਡੀਕਲ ਅਫਸਰਾਂ ਅਤੇ ਮੈਡੀਕਲ ਅਫਸਰਾਂ ਦੀ ਦੋ ਦਿਨਾ ਬਾਲ ਮੌਤ ਦੀ ਸਮੀਖਿਆ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਕਿਹਾ ਕਿ ਪੰਜ ਸਾਲ ਤੱਕ ਦੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣ ਦੇ ਮਨੋਰਥ ਨਾਲ ਦੋ ਰੋਜ਼ਾ ਸਿਖਲਾਈ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਹਰ ਬੱਚੇ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾ ਕੇ ਉਨ੍ਹਾਂ ਨੂੰ ਖਤਮ ਕਰਨ ਦੇ ਉਦੇਸ਼ ਨਾਲ ਬਾਲ ਮੌਤ ਦੀ ਸਮੀਖਿਆ ਕੀਤੀ ਜਾਂਦੀ ਹੈ।ਜ਼ਿਲਾ ਟੀਕਾਕਰਨ ਅਫਸਰ ਡਾ.ਰਣਦੀਪ ਸਿੰਘ ਨੇ ਕਿਹਾ ਕਿ ਬਾਲ ਮੌਤ ਦਰ ਨੂੰ ਘਟਾਉਣਾ ਰਾਸ਼ਟਰੀ ਮਿਸ਼ਨ ਦੇ ਮੁੱਖ ਟੀਚਿਆਂ ਚੋਂ ਇਕ ਹੈ। ਦੇਸ਼ 'ਚ ਜ਼ਿਆਦਾਤਰ ਬਾਲ ਮੌਤਾਂ ਨੂੰ ਰੋਕਣਾ ਸੰਭਵ ਹੈ,ਜਿਸ ਲਈ ਸਿਹਤ ਵਿਭਾਗ ਵੱਲੋਂ ਬੱਚਿਆਂ ਦੀਆਂ ਮੌਤਾਂ ਦਾ ਜਾਇਜ਼ਾ ਲੈਣ ਲਈ ਇਕ ਤੰਤਰ ਬਣਾਇਆ ਗਿਆ ਹੈ। ਜਿਸ ਤਹਿਤ ਹਰ ਬੱਚੇ ਦੀ ਮੌਤ ਦਰ ਦੀ ਰਿਪੋਰਟ ਕੀਤੀ ਜਾਂਦੀ ਹੈ ਅਤੇ ਮੌਤ ਦੇ



ਕਾਰਨਾਂ ਦੀ ਜਾਂਚ ਕਰਕੇ ਸੁਧਾਰਤਮਕ ਕਾਰਵਾਈ ਕੀਤੀ ਜਾਂਦੀ ਹੈ। ਡਾ.ਰਣਦੀਪ ਸਿੰਘ ਨੇ ਬੱਚਿਆਂ ਨੂੰ ਹੋਣ ਵਾਲੀਆਂ ਬੀਮਾਰੀਆਂ ਖਤਰੇ ਦੇ ਚਿੰਨ੍ਹ, ਲੱਛਣ, ਕਾਰਨ ਤੇ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਬੱਚਿਆਂ ਨੂੰ ਜਨਮ ਤੋਂ ਤੁਰੰਤ ਬਾਅਦ ਸੰਭਾਲਣ ਬਾਰੇ,ਬੱਚਿਆਂ ਦੀਆਂ ਮੌਤਾਂ ਦੇ ਨਿਦਾਨ ਲਈ ਕੀਤੇ ਜਾਣ ਵਾਲੇ ਉਪਰਾਲਿਆ ਬਾਰੇ ਅਤੇ ਨੋਡਲ ਅਫਸਰਾਂ ਰਾਹੀ ਕੀਤੀ ਜਾਣ ਵਾਲੀ ਰਿਪੋਰਟਿੰਗ ਬਾਰੇ ਜਾਣਕਾਰੀ ਦਿੱਤੀ।

# ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਹੋਈ ਵਿਤ ਮੰਤਰੀ ਨਾਲ ਮੀਟਿੰਗ



ਫ਼ਗਵਾੜਾ (ਸੁਸ਼ੀਲ ਸ਼ਰਮਾ) ਜੰਗਲਾਤ ਵਰਕਰਜ ਯੂਨੀਅਨ ਪੰਜਾਬ ਸਬੰਧਤ ਪੰਜਾਬ ਸੁਬਾਰਡੀਨੇਟ ਸਰਵਿਸਿਜ ਫ਼ੈਡਰੈਸਨ1406-22 ਬੀ ਵੱਲੋ ਵਣ ਅਤੇ ਜੰਗਲੀ ਜੀਵ ਵਿਭਾਗ ਵਿਚ ਪਿਛਲੇ 25-25ਸਾਲਾਂ ਤੋ ਨਿਗੋਣੀਆ ਤਨਖ਼ਾਹਾਂ ਤੇ ਡੇਲੀਵੇਜ ਕੰਮ ਕਰਦੇ ਕਾਮਿਆ ਨੂੰ ਪੱਕਿਆ ਕਰਵਾਉਣ ਲਈ ਅੱਜ ਮਾਨਯੋਗ ਸ੍ਰ.ਹਰਪਾਲ ਸਿੰਘ ਚੀਮਾ ਜੀ ਵਿਤ ਮੰਤਰੀ ਪੰਜਾਬ ਅਤੇ ਮਾਨਯੋਗ ਸ੍ਰੀ ਲਾਲ ਚੰਦ ਕਟਾਰੂਚੱਕ ਵਣ ਮੰਤਰੀ ਪੰਜਾਬ ਅਤੇ ਵਣ ਵਿਭਾਗ ਦੇ ਆਧਿਕਾਰੀ ਰਮਨ ਕਾਂਤ ਮਿਸਰਾ ਜੀ ਨਾਲ ਸੈਕਟਰੀਏਟ ਚੰਡੀਗੜ੍ਹ ਵਿਖੇ ਮੀਟਿੰਗ ਹੋਈ ਅੱਜ ਦੀ ਮੀਟਿੰਗ ਵਿਚ ਮਾਨਯੋਗ ਵਿੱਤ ਮੰਤਰੀ ਜੀ ਨੇ ਵਣ ਵਿਭਾਗ ਦੇ ਆਧਿਕਾਰੀਆ ਨੂੰ ਹਦਾਇਤਾ ਜਾਰੀ ਕਰਦਿਆ ਕਿਹਾ ਕੀ ਵਣ ਵਿਭਾਗ ਵਿੱਚ ਕੰਮ ਕਰਦੇ ਡੇਲੀਵੇਜ ਵਰਕਰਾਂ ਦੀਆ ਲਿਸਟਾ ਬਣਾਈਆ ਜਾਣ ਕਿ ਵਿਭਾਗ ਵਿਚ ਕਿਨੇ ਵਰਕਰ 8ਵੀ ਪਾਸ ਤੋਂ ਉਪਰ ਹਨ ਅਤੇ ਕਿਨੇ ਵਰਕਰ 5ਵੀਂ ਪਾਸ ਹਨ ਅਤੇ ਕਿਨੇ ਵਰਕਰ ਅਨਪੜ੍ਹ ਹਨ। ਕਿਉਕਿ ਵਣ ਵਿਭਾਗ ਵਿਚ ਕੰਮ ਕਰਦੇ ਡੇਲੀਵੇਜ ਕਾਮਿਆ ਨੂੰ ਬਿਨ੍ਹਾਂ ਸ਼ਰਤ ਪੱਕਿਆ ਕੀਤਾ ਜਾਵੇਗਾ।

ਅੱਜ ਦੀ ਮੀਟਿੰਗ ਵਿਚ ਜੰਥੇਬੰਦੀ ਦੇ ਸਲਾਹਕਾਰ ਮੱਖਣ ਸਿੰਘ ਵਹਿਦਪੁਰੀ ਸੁਬਾਈ ਆਗੂ ਜਸਵਿੰਦਰ ਸਿੰਘ ਸੌਜਾ ਅਮਨਦੀਪ ਸਿੰਘ ਛੱਤ ਬੀੜ ਰਵੀਕਾਂਤ ਰੋਪੜ ਸਤਨਾਮ ਸੰਗਰੂਰ ਸੁਲੱਖਣ ਸਿੰਘ ਸਿਸਵਾਂ ਰਵੀ ਕੁਮਾਰ ਲੁਧਿਆਣਾ ਆਦਿ ਹਾਜ਼ਰ ਸਨ।

# ਸੀ.ਐਚ.ਸੀ.ਪਾਂਛਟਾ ਬਲਾਕ ਵਿਖੇ ਟੀ.ਬੀ.ਨੂੰ ਖਤਮ ਕਰਨ ਲਈ ਸੰਪੂਰਨ ਸੰਕਲਪ,ਸਾਂਝੇ ਯਤਨ ਅਤੇ ਜਾਗਰੂਕਤਾ ਮੁਹਿੰਮ ਦੀਆਂ ਗਤੀਵਿਧੀਆਂ ਚੱਲ ਰਹੀਆਂ ਹਨ

ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰੀਚਾ ਭਾਟੀਆ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਐਸ਼.ਐਮ.ਓ.ਡਾ.ਰੁਪਿੰਦਰ ਜੀਤ ਕੌਰ ਦੀ ਯੋਗ ਅਗਵਾਈ ਵਿਚ ਸੀ.ਐਚ.ਸੀ.ਪਾਸ਼ਟ ਵਿਖੇ ਸਾਲ 2025 ਤੱਕ ਭਾਰਤ ਨੂੰ ਟੀਬੀ ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕਰਨ ਲਈ ਸਿਹਤ ਵਿਭਾਗ ਵੱਲੋਂ ਜੰਗੀ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ।

ਡਾ.ਰੁਪਿੰਦਰ ਜੀਤ ਕੌਰ ਦੀ ਅਗਵਾਈ ਵਿੱਚ ਸਾਲ 2025 ਤੱਕ ਭਾਰਤ ਨੂੰ ਟੀ.ਬੀ.ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕਰਨ ਲਈ ਸਿਹਤ ਵਿਭਾਗ ਵੱਲੋਂ ਜੰਗੀ ਪੱਧਰ ਤੇ ਯਤਨ ਕੀਤੇ ਜਾ ਰਹੇ ਹਨ ਇਸ ਮੌਕੇ ਬੀ.ਈ.ਈ.ਸਤਨਾਮ ਸਿੰਘ ਨੇ ਕਿਹਾ ਕਿ ਇਸ ਬਿਮਾਰੀ ਨੂੰ ਰੋਕਣ ਲਈ ਪੰਜਾਬ ਸਰਕਾਰ ਟੀ.ਬੀ.ਦੇ ਮਰੀਜ਼ਾਂ ਨੂੰ ਨਵੀਂ ਤਕਨੀਕ ਰਾਹੀਂ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਸਮੇਂ-ਸਮੇਂ ਤੇ ਯਤਨਸ਼ੀਲ ਰਹਿੰਦੀ ਹੈ ਟੀਬੀ ਦੀ ਦਵਾਈ ਲੈਣ ਸਮੇਂ ਚੰਗੀ ਖੁਰਾਕ ਯਕੀਨੀ ਬਣਾਉਣ ਲਈ ਹਰ ਟੀ.ਬੀ.ਦੇ ਮਰੀਜ਼ ਨੂੰ 500 ਰੁਪਏ ਪ੍ਰਤੀ ਮਹੀਨਾ ਉਸਦੇ ਖਾਤੇ ਵਿੱਚ ਭੇਜੇ ਜਾਂਦੇ ਹਨ। ਪ੍ਰਾਈਵੇਟ ਡਾਕਟਰਾਂ ਵੱਲੋਂ ਸੂਚਿਤ ਕੀਤੇ ਟੀ.ਬੀ. ਦੇ ਮਰੀਜ਼ਾਂ ਨੂੰ ਵੀ ਇਹ ਸਾਰੇ ਲਾਭ ਦਿੱਤੇ ਜਾਂਦੇ ਹਨ।



ਇੱਕ ਨਿੱਜੀ ਖੇਤਰ ਦੇ ਡਾਕਟਰ ਨੂੰ ਟੀ.ਬੀ.ਦੇ ਮਰੀਜ਼ ਨੂੰ ਸੂਚਿਤ ਕਰਨ ਲਈ 500 ਰੁਪਏ ਦਿੱਤੇ ਜਾਂਦੇ ਹਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸੂਬੇ 'ਚ ਕਣਕ ਦੇ ਅਸਮਾਨੀ ਚੜੇ ਭਾਅ ਨੇ ਆਮ ਲੋਕਾਂ ਨੂੰ ਚਿੰਤਾਂ 'ਚ ਪਾਇਆ

ਖਰੜ, (ਕਾਲਾ ਸਿੰਘ ਸੈਣੀ )- ਸੂਬੇ ਦੇ ਕਿਸਾਨ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪਿਛਲੇ 4 ਸਾਲ ਤੋਂ ਸੰਘਰਸ਼ ਕਰਦੇ ਆ ਰਹੇ ਹਨ। ਪਰ ਦੂਸਰੇ ਪਾਸੇ ਸੂਬੇ ਦੇ ਸ਼ਹਿਰਾਂ ਵਿਚ ਕਣਕ ਦੇ ਭਾਅ ਇਕ ਦਮ ਅਸਮਾਨ ਛੂਹਣ ਲੱਗੇ ਹਨ ਜਿਸ ਕਾਰਨ ਆਮ ਲੋਕਾਂ ਨੂੰ ਚਿੰਤਾਂ 'ਚ ਪਾ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਣਕ ਦੇ ਭਾਅ 3500 ਤੋਂ 3600 ਰੁਪਏ ਕੁਇੰਟਲ ਤੱਕ ਹੋ ਗਏ ਹਨ ਅਤੇ ਆਟਾ ਵੀ ਬਾਜ਼ਾਰ ਵਿਚ 38 ਰੁਪਏ ਕਿਲੋ ਤੱਕ ਵਿੱਕਿਆ ਹੈ। ਇਥੇ ਜਿਕਰਯੋਗ ਹੈ ਕਿ ਕਣਕ ਦੇ ਸੀਜ਼ਨ ਵਿਚ ਕਿਸਾਨਾਂ ਤੋਂ 2275 ਰੁਪਏ ਦੇ ਕਰੀਬ ਕੁਇੰਟਲ ਕਣਕ ਖਰੀਦ ਕੇ ਹੁਣ ਬਾਜ਼ਾਰ ਵਿਚ ਉਸੇ ਕਣਕ ਨੂੰ 3500 ਰੁਪਏ ਭਾਅ ਵਿਚ ਵੇਚਿਆ ਜਾ ਰਿਹਾ ਹੈ। ਸੂਬੇ 'ਚ ਕਣਕੇ ਦੇ ਅਸਮਾਨੀ ਚੜੇ ਭਾਅ ਨੂੰ ਲੈ ਕੇ ਕਿਸਾਨ ਆਗਆਂ ਨੇ ਆਪੋ-ਆਪਣੇ ਵਿਚਾਰ ਸਾਂਝੇ ਕੀਤੇ।

ਰੋਜ਼ਾਨਾ ਲੋਕ ਬਾਣੀ www.lokbani



ਚਰਨਜੀਤ ਸਿੰਘ ਢੀਂਡਸਾ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜਿਲਾ ਮੋਹਾਲੀ ਨੇ ਕਿਹਾ ਕਿ ਸਰਕਾਰਾਂ ਪਿਛਲੇ ਕਈ ਸਾਲਾਂ ਤੋਂ ਇਸ ਚਾਲ ਨੂੰ ਚੱਲ ਰਹੀਆਂ ਹਨ ਜਿਸਦਾ ਖਾਮਿਆਜ਼ਾ ਅੱਜ ਆਮ ਲੋਕਾਂ ਨੂੰ ਪੁਗਤਣਾ ਪੈ ਰਿਹਾ ਹੈ। ਉਨਾਂ ਕਿਹਾ ਕਿ ਕਿਸਾਨੀ ਅੰਦੋਲਨ ਦੇ ਸੰਘਰਸ਼ ਵੇਲੇ ਕਿਸਾਨਾਂ ਵੱਲੋਂ ਜੋ ਐਮ.ਐਸ.ਪੀ. ਦੀ ਮੰਗ ਕੀਤੀ ਜਾ ਰਹੀ ਸੀ ਉਹ ਬਹੁਤ ਜਾਇਜ਼ ਮੰਗ ਹੈ ਅਤੇ ਆਮ ਲੋਕਾਂ ਨੂੰ ਵੀ ਇਸ ਦੀ ਹੁਣ ਸਮਝ ਆ ਗਈ ਹੋਵੇਗੀ। ਉਨਾਂ ਕਿਹਾ ਕਿ ਜੇਕਰ ਵੱਡੇ ਘਰਾਣੇ ਇਸ ਕੰਮ ਵਿਚ ਆ ਗਏ ਤਾਂ ਮਹਿੰਗਾਈ ਅਸਮਾਨ ਚੜ ਜਾਵੇਗੀ। ਉਨਾਂ ਕਿਹਾ ਕਿ ਹੁਣ ਵੀ ਵੱਡੇ ਘਰਾਣਿਆ ਦੇ ਕਾਲਾ ਬਾਜ਼ਾਰੀਆਂ ਵੱਲੋਂ ਸਸਤੇ ਭਾਅ ਕਣਕ ਨੂੰ ਕਿਸਾਨਾਂ ਤੋਂ ਖਰੀਦ ਕੇ ਸਟੋਰ ਕਰ ਲਿਆ ਗਿਆ ਹੈ ਅਤੇ ਉਸਨੂੰ ਮਹਿੰਗੇ ਭਾਅ ਬਾਜਾਰ ਵਿਚ ਵੇਚਿਆ ਜਾ ਰਿਹਾ ਹੈ। ਉਨਾਂ ਕਿਹਾ ਕਿ ਆਮ ਲੋਕਾਂ ਨੂੰ ਮਹਿੰਗਾਈ ਦੀ ਮਾਰ ਤੋਂ ਬਚਣ ਲਈ ਕਿਸਾਨਾਂ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਸਰਕਾਰ ਕਿਸਾਨਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਮੰਨੇ।



ਕਿਸਾਨ ਆਗੂ ਕੁਲਵੰਤ ਤ੍ਰਿਪੜੀ:-

ਕੁਲਵੰਤ ਤ੍ਰਿਪੜੀ ਨੇ ਕਿਹਾ ਕਿ ਕਣਕ ਦੇ ਅਚਾਨਕ ਵਧੇ ਭਾਅ ਨਾਲ ਆਮ ਲੋਕਾਂ ਨੂੰ ਮਹਿੰਗਾਈ ਦੀ ਮਾਰ ਝੱਲਣੀ ਪੈ ਰਹੀ ਹੈ ਅਤੇ ਕੇਂਦਰ ਸਰਕਾਰ ਆਪਣੇ ਮਾੜੇ ਮਨਸੂਬਿਆਂ ਵਿਚ ਕਾਮਯਾਬ ਹੁੰਦੀ ਜਾਪ ਰਹੀ ਹੈ। ਉਨਾਂ ਕਿਹਾ ਕਿ ਜੇਕਰ ਹੁਣ ਵੀ ਆਮ ਲੋਕਾਂ ਵੱਲੋਂ ਕਿਸਾਨਾਂ ਦਾ ਸਾਥ ਨਾ ਦਿੱਤਾ ਗਿਆ ਤਾਂ ਉਹ ਦਿਨ ਦੂਰ ਨਹੀਂ ਜਦੋਂ ਘਰ ਦੀ ਰਸੋਈ ਦਾ ਸਾਮਾਨ ਲੈਣ ਲਈ ਵੀ ਆਮ ਲੋਕਾਂ ਨੂੰ ਭਾਰੀ ਮੁਸ਼ੱਕਤ ਕਰਨੀ ਪਵੇਗੀ। ਉਨਾਂ ਕਿਹਾ ਕਿ ਕਿਸਾਨਾਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਐਮ.ਐਸ.ਪੀ. ਦੀ ਮੰਗ ਕੇਂਦਰ ਸਰਕਾਰ ਤੋਂ ਕਰਨੀ ਚਾਹੀਦੀ ਹੈ ਤਾਂ ਜੋ ਬਾਜਾਰ ਵਿਚੋਂ ਕਾਲਾ ਬਾਜਾਰੀ ਖਤਮ ਹੋ ਸਕੇ। ਉਨਾਂ ਕਿਹਾ ਕਿ ਕੇਂਦਰ ਸਰਕਾਰ ਦੀ ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ 'ਤੇ ਚੁੱਪੀ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਸਰਕਾਰ ਕਾਰਪਰੇਟਾਂ ਨਾਲ ਮਿਲੀ ਹੋਈ ਹੈ ਅਤੇ ਦੇਸ਼ ਵਿਚੋਂ ਗਰੀਬਾਂ ਨੂੰ ਖਤਮ ਕਰ ਦੇਣਾ ਚਾਹੁੰਦੀ ਹੈ।



ਕਿਸਾਨ ਜਸਵਿੰਦਰ ਸਿੰਘ ਝੂੰਗੀਆਂ ਨੇ ਕਣਕ ਦੇ ਮਹਿੰਗੇ ਭਾਅ ਵਿਕਣ 'ਤੇ ਕਿਹਾ ਕਿ ਕਿਸਾਨ ਜੋ ਐਮ.ਐਸ.ਪੀ. ਦੀ ਲੜਾਈ ਲੜ ਰਹੇ ਹਨ ਉਹ ਬਿਲਕੁੱਲ ਜਾਇਜ਼ ਹੈ। ਜੇਕਰ ਕਿਸਾਨਾਂ ਨੂੰ ਐਮ. ਐਸ.ਪੀ. ਮਿਲ ਜਾਵੇ ਤਾਂ ਆਮ ਲੋਕ ਜਾਗਰੂਕ ਹੋ ਜਾਣਗੇ ਅਤੇ ਬਾਜ਼ਾਰ ਵਿਚ ਸਮਰਥਨ ਮੁੱਲ ਤੋਂ ਵਾਧੇ 'ਤੇ ਚੀਜ਼ ਨਹੀਂ ਖਰੀਦਣਗੇ। ਉਨਾਂ ਕਿਹਾ ਕਿ ਹੁਣ ਕਿਸਾਨਾਂ ਕੋਲ ਕਣਕ ਨਹੀਂ ਹੈ ਸਰਕਾਰ ਕੋਲ ਕਣਕ ਗੁਦਾਮਾਂ ਵਿਚ ਪਈ ਹੈ ਵੱਡੇ ਘਰਾਣਿਆ ਨੂੰ ਲਾਭ ਪਹੁੰਚਾਉਣ ਲਈ ਸਰਕਾਰ ਹੀ ਰੇਟ ਵਿਚ ਵਾਧਾ ਕਰ ਰਹੀ ਹੈ ਜਿਸਦਾ ਆਮ ਲੋਕਾਂ 'ਤੇ ਸਿੱਧਾ ਅਸਰ ਪੈ ਰਿਹਾ ਹੈ।



ਅਮਨਦੀਪ ਸਿੰਘ ਅੰਮੂ ਕਿਸਾਨ ਆਗੂ ਨੇ ਕਿਹਾ ਕਿ ਕਣਕ 'ਤੇ ਐਮ.ਐਸ.ਪੀ. ਤਾਂ 2200 ਰੁਪਏ ਦੇ ਕਰੀਬ ਹੈ ਅਤੇ ਹੁਣ ਕਣਕ ਦੀ ਬਾਜਾਰ ਵਿਚ 3500 ਰੁਪਏ ਦੀ ਕਾਲਾ ਬਾਜਾਰੀ ਹੋ ਰਹੀ ਹੈ ਉਹ ਗਲਤ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਜੋ ਕਿਸਾਨਾਂ ਅਤੇ ਆਮ ਲੋਕਾਂ ਲਈ ਲੜਾਈ ਲੜੀ ਜਾ ਰਹੀ ਹੈ ਉਹ ਬਿਲਕੁੱਲ ਜਾਇਜ਼ ਹੈ ਅਤੇ ਆਮ ਲੋਕਾਂ ਨੂੰ ਕਿਸਾਨਾਂ ਦਾ ਸੰਘਰਸ਼ ਵਿਚ ਸਾਥ ਦੇਣਾ ਚਾਹੀਦਾ ਹੈ। ਉਨਾਂ ਕਿਹਾ ਕਿ ਮਹਿੰਗੀ ਹੋਈ ਕਣਕ ਨਾਲ ਆਮ ਘਰਾਂ ਦੀ ਰਸੋਈ ਦਾ ਬਜ਼ਟ ਹਿੱਲ ਗਿਆ ਹੈ ਅਤੇ ਕਣਕ ਦੀ ਨਵੀਂ ਫਸਲ ਆਉਣ ਵਿਚ ਹਾਲੇ ਸਮਾਂ ਪਿਆ ਹੈ ਅਤੇ ਜਿਸ ਕਾਰਨ ਸਰਕਾਰ ਦੇ ਪੈਦਾ ਕੀਤੇ ਹੋਏ ਵੱਡੇ ਘਰਾਣੇ ਲੋਕਾਂ ਦੀ ਲੁੱਟ ਕਰ ਰਹੇ ਹਨ।

## ਨਗਰ ਪੰਚਾਇਤ ਘੜੂੰਆਂ ਦੀ ਹੋਈ ਚੋਣ: ਮਨਮੀਤ ਕੌਰ ਪ੍ਰਧਾਨ ਹਰਪ੍ਰੀਤ ਸਿੰਘ ਭੰਡਾਰੀ ਸੀਨੀਅਰ ਮੀਤ ਪ੍ਰਧਾਨ ਚੁਣੇ ਗਏ



ਖਰੜ, (ਕਾਲਾ ਸਿੰਘ ਸੈਣੀ )- ਨਗਰ ਪੰਚਾਇਤ ਘੜੂੰਆਂ ਦੀਆਂ ਬੀਤੇ ਦਿਨ ਹੋਇਆ ਚੋਣਾਂ ਤੋਂ ਬਾਅਦ ਅੱਜ ਨਗਰ ਪੰਚਾਇਤ ਘੜੂੰਆਂ ਦੀ ਚੋਣ ਹੋਈ ਜਿਸ ਵਿੱਚ ਕੌਂਸਲਰ ਮਨਮੀਤ ਕੌਰ ਨੂੰ ਸਰਬਸੰਮਤੀ ਨਾਲ ਨਗਰ ਪੰਚਾਇਤ ਘੜੂੰਆਂ ਦਾ ਪ੍ਰਧਾਨ ਚੁਣ ਲਿਆ ਗਿਆ। ਵਾਰਡ ਨੰਬਰ 4 ਤੋਂ ਕੌਂਸਲਰ ਹਰਪ੍ਰੀਤ ਸਿੰਘ ਭੰਡਾਰੀ ਨੂੰ ਸੀਨੀਅਰ ਮੀਤ ਪ੍ਰਧਾਨ ਚੁਣਿਆ ਗਿਆ ਅਤੇ ਵਾਰਡ ਨੰਬਰ 9 ਤੋਂ ਕੌਂਸਲਰ ਸੁਖਜੀਤ ਕੌਰ ਨੂੰ ਮੀਤ ਪ੍ਰਧਾਨ ਅਤੇ ਰੀਆ ਨੂੰ ਜੂਨੀਅਰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਕੈਬਨਿਟ ਮੰਤਰੀ ਪੰਜਾਬ ਹਰਦੀਪ ਸਿੰਘ ਮੁੰਡੀਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਤਿਹਾਸਿਕ ਪਿੰਡ ਘੜੂੰਆਂ ਨੂੰ ਵੱਡੇ ਸ਼ਹਿਰਾਂ ਦੀ ਤਰਜ ਤੇ ਵਿਕਾਸਸ਼ੀਲ ਨਗਰ ਬਣਾਇਆ ਜਾਵੇਗਾ ਅਤੇ ਇਸ ਲਈ ਜੋ ਵੀ ਲੋੜੀਂਦੀਆਂ ਗਰਾਂਟਾਂ ਦੀ ਜਰੂਰਤ ਹੋਵੇਗੀ ਉਹ ਪੰਜਾਬ ਸਰਕਾਰ ਵੱਲੋਂ ਪਹਿਲ ਦੇ ਅਧਾਰ ਤੇ ਜਾਰੀ ਕੀਤੀਆਂ ਜਾਣਗੀਆਂ। ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਨਗਰ ਘੜੂੰਆਂ ਗੁਰੂਆਂ ਅਤੇ ਮਹਾਂਭਾਰਤ ਦੇ ਯੋਧੇ ਪਾਂਡਵਾਂ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ ਜਿਸ ਦੇ ਚਲਦਿਆਂ ਇਸ ਨਗਰ ਨੂੰ ਟੂਰਿਜਮ ਵੱਜੋਂ ਵੀ ਵਿਕਸਿਤ ਕੀਤਾ ਜਾਵੇਗਾ। ਉਨਾਂ ਕਿਹਾ ਕਿ ਕਿ ਨਗਰ ਪੰਚਾਇਤ ਦੇ ਦਫਤਰ ਲਈ ਡੇਢ ਏਕੜ ਜਮੀਨ ਦੀ ਨਿਸ਼ਾਨਦੇਹੀ ਕਰ ਲਈ ਗਈ ਹੈ ਬਹੁਤ ਜਲਦ ਨਗਰ ਪੰਚਾਇਤ ਘੜੂੰਆਂ ਦੇ ਕੌਂਸਲਰਾਂ ਅਤੇ ਸਟਾਫ ਲਈ ਇਕ ਵਧੀਆ ਇਮਾਰਤ ਤਿਆਰ ਕਰਵਾਈ ਜਾਵੇਗੀ। ਓਨਾਂ ਕਿਹਾ ਕਿ ਇਸ ਤੋਂ ਇਲਾਵਾ ਪਿੰਡ ਦੀ ਸਭ ਤੋਂ ਵੱਡੀ ਸਮੱਸਿਆ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਦੀ ਹੈ ਜਿਸ ਸਬੰਧੀ ਸੀਵਰੇਜ ਦਾ ਪੁਖਤਾ ਪ੍ਰਬੰਧ ਕੀਤਾ ਜਾਵੇਗਾ ਅਤੇ ਹੋਰ ਵੀ ਜੋ ਰਹਿੰਦੇ ਪਿੰਡ ਦੇ ਵਿਕਾਸ ਕਾਰਜ ਹਨ ਉਹ ਨਗਰ ਪੰਚਾਇਤ ਘੜੂੰਆਂ ਦੇ ਸਹਿਯੋਗ ਨਾਲ ਮੁਕੰਮਲ ਕਰਵਾਏ ਜਾਣਗੇ। ਇਸ ਮੌਕੇ ਨਵੀਂ ਬਣੀ ਪ੍ਰਧਾਨ ਮਨਮੀਤ ਕੌਰ ਨੇ ਹਲਕਾ ਵਿਧਾਇਕ ਅਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹ ਨਗਰ ਘੜੂੰਆਂ ਦੇ ਸਰਬਪੱਖੀ ਵਿਕਾਸ ਲਈ ਸਭ ਨੂੰ ਨਾਲ ਲੈ ਕੇ ਚੱਲਣਗੇ ਅਤੇ ਰਹਿੰਦੇ ਸਾਰੇ ਵਿਕਾਸ ਕਾਰਜ ਕਰਵਾਉਣਗੇ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਭੰਡਾਰੀ ਨੇ ਵੀ ਨਗਰ ਘੜੂੰਆਂ ਦੇ ਵਿਕਾਸ ਲਈ ਹਰ ਪ੍ਰਕਾਰ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਖਰੜ ਗੁਰਮਿੰਦਰ ਸਿੰਘ ਵੱਲੋਂ ਨਵੇਂ ਚੁਣੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਸਹਿਤ ਸਮੂਹ ਕੌਂਸਲਰਾਂ ਨੂੰ ਸੌਂਹ ਚੁਕਾਉਂਦਿਆਂ ਨਗਰ ਦੇ ਵਿਕਾਸ ਲਈ ਮਿਲ ਜੁਲ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤਹਿਸੀਲਦਾਰ ਖਰੜ ਜਸਵਿੰਦਰ ਸਿੰਘ, ਡੀ.ਐਸ.ਪੀ. ਖਰੜ ਕਰਨ ਸਿੰਘ ਸੰਧੂ, ਨਗਰ ਪੰਚਾਇਤ ਘੜੂੰਆਂ ਦੇ ਕਾਰਜ ਸਾਧਕ ਅਫਸਰ ਅਸ਼ੋਕ ਕੁਮਾਰ, ਹਲਕਾ ਵਿਧਾਇਕ ਦੇ ਮੁੱਖ ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆਂ, ਬਲਾਕ ਪ੍ਰਧਾਨ ਮਨਦੀਪ ਸਿੰਘ, ਮਾਰਕੀਟ ਕਮੇਟੀ ਸ੍ਰੀ ਚਮਕੌਰ ਸਾਹਿਬ ਦੇ ਚੇਅਰਮੈਨ ਸਿਕੰਦਰ ਸਿੰਘ ਸਹੇੜੀ, ਕੁਲਦੀਪ ਸਿੰਘ ਖੇੜੀ, ਆਮ ਆਦਮੀ ਪਾਰਟੀ ਐਸਸੀ ਵਿੰਗ ਜਿਲਾ ਰੂਪਨਗਰ ਦੇ ਪ੍ਰਧਾਨ ਨਵਦੀਪ ਸਿੰਘ ਟੋਨੀ, ਡਾ. ਰੌਬਿਨ ਤੋਂ ਇਲਾਵਾ ਅੰਮ੍ਰਿਤਪਾਲ ਸਿੰਘ, ਜਸਵਿੰਦਰ ਕੌਰ, ਰੀਆ, ਮਨਪ੍ਰੀਤ ਸਿੰਘ, ਜਸਵਿੰਦਰ ਕੌਰ, ਨਰਿੰਦਰ ਸਿੰਘ, ਗਗਨਪ੍ਰੀਤ ਸਿੰਘ, ਇੰਦਰਜੀਤ ਸਿੰਘ (ਸਾਰੇ ਕੌਂਸਲਰ) ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

## ਰਾਸ਼ਟਰੀ ਵੋਟਰ ਦਿਵਸ 'ਪੰਜਾਬ ਚੋਣ ਕੁਇੱਜ - 2025'

ਮਾਲੇਰਕੋਟਲਾ :( ਕਿਮੀ ਅਰੋੜਾ,ਅਸਲਮ ਨਾਜ਼)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਰਾਸ਼ਟਰੀ ਵੋਟਰ ਦਿਵਸ ਸਬੰਧੀ ਪੰਜਾਬ ਇਲੈਕਸ਼ਨ ਕੁਇਜ਼-2025' ਵਿੱਚ ਨਾਗਰੀਕਾਂ ਦੀ ਸਮੂਲੀਅਤ ਨੂੰ ਵਧਾਉਣ ਲਈ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲਾ ਸਵੀਪ ਨੋਡਲ ਅਫਸਰ (ਕਾਲਜਾਂ) ਪ੍ਰਿੰਸੀਪਲ ਮੁਹੰਮਦ ਇਰਫਾਨ ਫਾਰੂਕੀ ਦੀ ਪ੍ਰਧਾਨਗੀ ਹੇਠ ਮੀਟਿੰਗ ਆਯੋਜਿਤ ਕੀਤੀ ਗਈ । ਇਸ ਮੌਕੇ ਜ਼ਿਲਾ ਖੇਡ ਅਫਸਰ ਗੁਰਦੀਪ ਸਿੰਘ, ਨੋਡਲ ਅਫਸਰ 106 ਬਹਾਦਰ ਸਿੰਘ ,ਹੈੱਡਮਾਸਟਰ ਮੁਹੰਮਦ ਅਸਗਰ, ਨੋਡਲ ਅਫਸਰ ਸਵੀਪ 105 ਕੁਲਬੀਰ ਸਿੰਘ , ਮਨਪ੍ਰੀਤ ਸਿੰਘ ਅਤੇ ਸੁਪਰਵਾਈਜਰ ਰੂਚੀ ਗੁਪਤਾ ਤੋਂ ਇਲਾਵਾਂ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਨੁਮਾਇੰਦੇ ਮੌਜੂਦ ਸਨ । ਪ੍ਰਿੰਸੀਪਲ ਮੂਹੰਮਦ ਇਰਫਾਨ ਫਾਰੂਕੀ ਨੇ ਕਿਹਾ ਕਿ ਇਹ ਕੁਇਜ਼, ਪੰਜਾਬ ਦੇ ਲੋਕਾਂ ਵਿੱਚ ਚੋਣ ਪ੍ਰਕਿਰਿਆਵਾਂ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਅਤੇ ਉਨ੍ਹਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਕਦਮ ਹੈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦਾ ਉਦੇਸ਼ ਇਸ ਸਮਾਗਮ ਵਿੱਚ ਮੀਡੀਆ ਅਤੇ ਵਿਦਿਅਕ ਸੰਸਥਾਵਾਂ ਸਮੇਤ ਵੱਖ-ਵੱਖ ਭਾਈਵਾਲਾਂ ਨੂੰ ਸ਼ਾਮਲ ਕਰਕੇ ਚੋਣਾਂ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰ ਵੋਟਿੰਗ ਵਾਲਾ ਇੱਕ ਜੀਵੰਤ ਸੱਭਿਆਚਾਰ ਪੈਦਾ ਕਰਨਾ ਹੈ।

ਉਨਾਂ ਵੱਖ ਵੱਖ ਵਿਭਾਗਾਂ ਤੋਂ ਆਏ ਹੋਏ ਪ੍ਰਤੀਨਿਧੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਹਰੇਕ ਵਿਭਾਗ ਦੇ ਪੂਰਨ ਯਤਨਾਂ ਸਦਕਾਂ ਹੀ ਮੁੱਖ ਚੋਣ ਅਫਸਰ ਵੱਲੋਂ ਪ੍ਰਤੀ ਹਲਕਾ ਹਜਾਰ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਅਤੇ ਭਾਗੀਦਾਰੀ ਦੇ ਟੀਚੇ ਨੂੰ ਪੂਰਾ ਕੀਤਾ ਜਾ ਸਕਦਾ ਹੈ।ਉਹਨਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਲਈ ਸਿੱਖਿਆ ਵਿਭਾਗ ਦੇ ਨੁਮਾਇਦੇ ਮੁਹੰਮਦ ਅਸਗਰ ਨੂੰ ਵਿਸ਼ੇਸ ਤੌਰ ਤੇ ਸਕੂਲਾ ਅਤੇ ਕਾਲਜਾਂ ਵਿੱਚ ਜਾ ਕੇ ਰਜਿਸਟ੍ਰੇਸ਼ਨ ਵਧਾਉਣ ਦੇ ਉਪਰਾਲੇ ਕਰਨ ਲਈ ਕਿਹਾ।



ਉਨ੍ਹਾਂ ਦੱਸਿਆ ਕਿ ਪੰਜਾਬ ਚੋਣ ਕੁਇਜ਼-2025 ਦੋ ਪੜਾਵਾਂ ਵਿੱਚ ਕਰਵਾਇਆ ਜਾਵੇਗਾ ਅਤੇ ਪਹਿਲੇ ਪੜਾਅ ਅਧੀਨ ਜ਼ਿਲ੍ਹਾ ਪੱਧਰ ਦੇ ਜੇਤੂਆਂ ਦੀ ਚੋਣ ਲਈ ਆਨਲਾਈਨ ਕੁਇਜ਼ ਮੁਕਾਬਲਾ ਹੋਵੇਗਾ। ਆਨਲਾਈਨ ਰਜਿਸਟ੍ਰੇਸ਼ਨ 28 ਦਸੰਬਰ, 2024 ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਚਾਹਵਾਨ ਉਮੀਦਵਾਰ 17 ਜਨਵਰੀ, 2025 ਤੱਕ ਰਜਿਸਟਰ ਕਰ ਸਕਣਗੇ। ਆਨਲਾਈਨ ਕੁਇਜ਼ ਮੁਕਾਬਲਾ 19 ਜਨਵਰੀ, 2025 ਨੂੰ ਹੋਵੇਗਾ । ਜਿਸ ਤੋਂ ਬਾਅਦ ਦੂਜੇ ਪੜਾਅ ਅਧੀਨ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ ਇੱਕ ਔਫਲਾਈਨ ਫਾਈਨਲ ਮੁਕਾਬਲਾ ਕਰਵਾਇਆ ਜਾਵੇਗਾ।ਹਿੱਸਾ ਲੈਣ ਦੇ ਚਾਹਵਾਨ ਰਜਿਸਟ੍ਰੇਸ਼ਨ ਅਤੇ ਹੋਰ ਵੇਰਵਿਆਂ ਲਈ https://punjab.indiastatquiz.com/ ਤੇ ਲਾਗਇਨ ਕਰ ਸਕਦੇ ਹਨ।

ਸਹਾਇਕ ਨੌਡਲ ਅਫਸਰ ਸਵੀਪ ਮੁੰਹਮਦ ਬਸ਼ੀਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੁਇੱਜ ਵਿੱਚ ਰਾਜ ਪੱਧਰ ਤੇ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਨਾਗਰਿਕਾਂ ਨੂੰ ਲੈਪਟਾਪ, ਐਂਡਰਾਇਡ ਟੈਬਲੇਟ ਅਤੇ ਸਮਾਰਟ ਵਾਚ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨਾਂ ਕਿਹਾ ਕਿ ਨਹਿਰੂ ਯੂਵਾ ਕੇਂਦਰ ਦੇ ਵਲੰਟੀਅਰਾਂ ਦੀ ਸਹਾਇਤਾ ਨਾਲ ਯੂਵਾ ਕਲੱਬਾਂ ਨੂੰ ਵੀ ਇਸ ਕੁਇੱਜ ਵਿੱਚ ਪ੍ਰੇਰਿਤ ਕੀਤਾ ਜਾਵੇਗਾ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਨਾਇਆ ਗਿਆ ਨੈਸ਼ਨਲ ਯੂਥ ਡੇਅ




ਫ਼ਗਵਾੜਾ (ਸੁਸ਼ੀਲ ਸ਼ਰਮਾ) ਸ੍ਰੀਮਤੀ ਰਾਜਵੰਤ ਕੌਰ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,ਕਪੂਰਥਲਾ ਵੱਲੋਂ ਅੱਜ ਨੈਸ਼ਨਲ ਯੂਥ ਡੇਅ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ (ਲੜਕੇ), ਕਪੂਰਥਲਾ ਵਿਖੇ ਸੈਮੀਨਾਰ ਕਰ ਮਨਾਇਆ ਗਿਆ।

ਸੈਮੀਨਾਰ ਦੀ ਸ਼ੁਰੂਆਤ ਵਿੱਚ ਇੰਚਾਰਜ ਲੀਗਲ ਲਿਟਰੇਸੀ ਕਲੱਬ ਸ਼ਰਵਨ ਕੁਮਾਰ ਨੇ ਸੰਬੋਧਨ ਕੀਤਾ ।

ਇਸ ਉਪਰੰਤ ਸ਼੍ਰੀਮਤੀ ਵਿਭੂਤੀ ਸ਼ਰਮਾ, ਸਹਾਇਕ ਲੀਗਲ ਏਡ ਡਿਫੈਂਸ ਕਾਊਂਸਲ, ਕਪੂਰਥਲਾ ਵੱਲੋਂ ਸਵਾਮੀ ਵਿਵੇਕਾਨੰਦ ਦੀ ਜੀਵਨੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ ਗਿਆ । ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ, 1987 ਅਧੀਨ ਮਿਲਦੀ ਮੁਫਤ ਕਾਨੂੰਨੀ ਸਹਾਇਤਾ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।

ਸ਼੍ਰੀਮਤੀ ਰਾਜਵੰਤ ਕੌਰ ਨੇ ਸਕੂਲ ਦੇ ਬੱਚਿਆਂ ਨੂੰ ਸੰਬੋਧਿਤ ਕਰਦਿਆਂ ਦੱਸਿਆ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹੈ ਅਤੇ ਜ਼ੇਕਰ ਸਾਡੀ ਨੌਜਵਾਨ ਪੀੜੀ ਦਿਨੋ ਦਿਨ ਨਸ਼ਿਆਂ ਦੀ ਦਲ-ਦਲ ਵਿੱਚ ਫੱਸਦੀ ਜਾਵੇਗੀ ਤਾਂ ਸਾਡਾ ਭਵਿੱਖ ਅੰਧਕਾਰ ਵਿੱਚ ਡੁੱਬ ਜਾਵੇਗਾ। ਇਸ ਲਈ ਸਾਨੂੰ ਕਦੇ ਵੀ ਨਸ਼ਿਆਂ ਵੱਲ ਨਹੀਂ ਜਾਣਾ ਚਾਹੀਦਾ ਅਤੇ ਆਪਣਾ ਖਾਲੀ ਸਮੇਂ ਦੌਰਾਨ ਆਪਣੇ ਸ਼ਰੀਰ ਨੂੰ ਤੰਦਰੁਸਤ ਬਣਾਉਣ ਲਈ ਯੋਗਾ,ਕਸਰਤ ਕਰਨੀ ਚਾਹੀਦੀ ਹੈ।

ਇਸ ਮੌਕੇ ਸ਼੍ਰੀ ਤਜਿੰਦਰਪਾਲ ਸਿੰਘ ਪ੍ਰਿੰਸੀਪਲ ਸੈਮੀਨਾਰ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਸੈਮੀਨਾਰ ਵਿੱਚ ਹਾਜ਼ਰ ਅਧਿਆਪਕਾਂ,ਵਿਦਿਆਰਥੀਆਂ ਨੂੰ ਕਾਨੂੰਨੀ ਲਿਟਰੇਚਰ ਵੰਡਿਆ ਗਿਆ।

# ਤਿੰਨ ਦਿਨਾਂ ਲਈ ਪੱਖੋਵਾਲ ਰੋਡ ਆਰ.ਓ.ਬੀ. ਆਵਾਜਾਈ ਲਈ ਰਹੇਗਾ ਬੰਦ; ਨਗਰ ਨਿਗਮ ਕਰਵਾਏਗਾ ਡਿਫਲੈਕਸ਼ਨ ਟੈਸਟ



ਲੁਧਿਆਣਾ, (ਸੁਖਚੈਨ ਮਹਿਰਾ) ਪੱਖੋਵਾਲ ਰੋਡ ਰੇਲਵੇ ਓਵਰ ਬ੍ਰਿਜ (ਆਰ.ਓ.ਬੀ.) ਸ਼ੁੱਕਰਵਾਰ ਸਵੇਰ ਤੋਂ ਆਉਣ ਵਾਲੇ ਤਿੰਨ ਦਿਨਾਂ (72 ਘੰਟੇ) ਲਈ ਆਵਾਜਾਈ ਲਈ ਬੰਦ ਰਹੇਗਾ।ਪੁਲ ਦਾ ਡਿਫਲੈਕਸ਼ਨ ਟੈਸਟ (ਲੋਡ ਟੈਸਟ) ਕਰਵਾਉਣ ਲਈ ਆਰ.ਓ.ਬੀ. ਨੂੰ ਬੰਦ ਕੀਤਾ ਜਾਣਾ ਹੈ।

ਉਕਤ ਆਰ.ਓ.ਬੀ. ਪੱਖੋਵਾਲ ਰੋਡ ਨਹਿਰ ਪੁਲ ਤੋਂ ਭਾਈ ਬਾਲਾ ਚੌਂਕ ਵੱਲ ਆਵਾਜਾਈ ਲਈ ਵਰਤਿਆ ਜਾਂਦਾ ਹੈ। ਨਗਰ ਨਿਗਮ ਦੇ ਅਧਿਕਾਰੀਆਂ ਨੇ ਵਸਨੀਕਾਂ ਨੂੰ ਆਉਣ ਵਾਲੇ ਤਿੰਨ ਦਿਨਾਂ ਲਈ ਪੱਖੋਵਾਲ ਰੋਡ ਨਹਿਰ ਪੁਲ ਤੋਂ ਭਾਈ ਬਾਲਾ ਚੌਂਕ ਵੱਲ ਜਾਣ ਲਈ ਵਿਕਲਪਿਕ ਰਸਤੇ ਲੈਣ ਦੀ ਅਪੀਲ ਕੀਤੀ ਹੈ।

ਪੱਖੋਵਾਲ ਰੋਡ ਰੇਲਵੇ ਕਰਾਸਿੰਗ ਤੇ ਦੋਵੇਂ ਰੇਲਵੇ ਅੰਡਰ ਬ੍ਰਿਜ (ਆਰ.ਯੂ.ਬੀ.) ਇਨ੍ਹਾਂ ਦਿਨਾਂ ਦੌਰਾਨ ਆਮ ਵਾਂਗ ਆਵਾਜਾਈ ਲਈ ਖੁੱਲ੍ਹੇ ਰਹਿਣਗੇ। ਪੱਖੋਵਾਲ ਰੋਡ ਨਹਿਰ ਪੁਲ ਤੋਂ, ਵਸਨੀਕ ਆਰ.ਯੂ.ਬੀ. ਦੀ ਵਰਤੋਂ ਕਰ ਸਕਦੇ ਹਨ ਅਤੇ ਸਰਾਭਾ ਨਗਰ ਅਤੇ ਹੀਰੋ ਬੇਕਰੀ ਚੌਂਕ ਰਾਹੀਂ ਭਾਈ ਬਾਲਾ ਚੌਂਕ ਤੱਕ ਪਹੁੰਚ ਸਕਦੇ ਹਨ।

# ਕਪੂਰਥਲਾ ਜਿਲ੍ਹੇ ਵਿਚ ਪਹਿਲ ਕੇਂਦਰ ਦੀ ਸਥਾਪਨਾ ਲਈ ਅੱਗੇ ਆਇਆ ਵਰਧਮਾਨ ਗਰੁੱਪ



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਕਪੂਰਥਲਾ ਜਿਲ੍ਹੇ ਵਿਚ ਪਹਿਲ ਕੇਂਦਰ ਦੀ ਸਥਾਪਨਾ ਵਿਚ ਸਹਾਇਤਾ ਤੇ ਸਿਲਾਈ ਮਸ਼ੀਨਰੀ ਦੀ ਖਰੀਦ ਲਈ ਵਰਧਮਾਨ ਗਰੁੱਪ ਵਲੋਂ ਕਾਰਪੋਰੇਟ ਸਮਾਜਿਕ ਜਿੰਮੇਵਾਰੀ ਤਹਿਤ ਜਿਲ੍ਹਾ ਪ੍ਰਸ਼ਾਸ਼ਨ ਨੂੰ 4.92 ਲੱਖ ਰੁਪੈ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।

ਇਸ ਸਬੰਧੀ ਗਰੁੱਪ ਦੇ ਸੀਨੀਅਰ ਮੈਨੇਜ਼ਰ ,ਪ੍ਰਸ਼ਾਸ਼ਨ ਤੇ ਸੀ.ਐਸ.ਆਰ.ਸ੍ਰੀ ਅਮਿਤ ਧਵਨ ਨੇ ਵਲੋਂ ਅੱਜ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨਾਲ ਮੁਲਾਕਾਤ ਕਰਕੇ 4.92 ਲੱਖ ਰੁਪੈ ਦਾ ਚੈਕ ਸੌਂਪਿਆ ਗਿਆ।

ਡਿਪਟੀ ਕਮਿਸ਼ਨਰ ਨੇ ਵਰਧਮਾਨ ਗਰੁੱਪ ਵਲੋਂ ਜਿਲ੍ਹਾ ਪ੍ਰਸ਼ਾਸ਼ਨ ਦੀਆਂ ਔਰਤਾਂ ਨੂੰ ਸਿਲਾਈ-ਕਢਾਈ ਰਾਹੀਂ ਸਵੈ ਰੁਜ਼ਗਾਰ ਦੇ ਕਾਬਿਲ ਬਣਾਉਣ ਦੀਆਂ ਕੋਸ਼ਿਸ਼ਾਂ ਵਿਚ ਕਾਰਪੋਰੇਟ ਸਮਾਜਿਕ ਜਿੰਮੇਵਾਰੀ ਤਹਿਤ ਹਿੱਸਾ ਪਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਪ੍ਰਸ਼ਾਸ਼ਨ ਅਨੇਕਾਂ ਮਹਿਲਾਵਾਂ ਨੂੰ ਕਿੱਤਾਮੁਖੀ ਸਿਖਲਾਈ ਪ੍ਰਦਾਨ ਕਰਨ ਦੇ ਨਾਲ-ਨਾਲ ਰੁਜ਼ਗਾਰ ਦੇਣ ਵਿਚ ਵੀ ਸਫਲ ਹੋਵੇਗਾ।

ਸ੍ਰੀ ਪੰਚਾਲ ਨੇ ਵਰਧਮਾਨ ਗਰੁੱਪ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਮਹਿਲਾਵਾਂ ਦੇ ਰੁਜ਼ਗਾਰ ਲਈ ਹੋਰ ਵਡੇਰੇ ਯਤਨ ਜਾਰੀ ਰਹਿਣਗੇ।

# ਸਕੂਲਾਂ ਅੰਦਰ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਨੂੰ ਹੋਰ ਅਸਰਦਾਰ ਢੰਗ ਨਾਲ ਚਲਾਉਣ ਦੇ ਨਿਰਦੇਸ਼




ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਚਲਾਈ ਗਈ ਮੁਹਿੰਮ 'ਨਾਰਕੋ ਕੋਆਰਡੀਨੇਸ਼ਨ ਸੈਂਟਰ ਮੈਕਾਨਿਜ਼ਮ' ਸਬੰਧੀ ਹੋਈ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਵਰਿੰਦਰਪਾਲ ਸਿੰਘ ਬਾਜਵਾ ਨੇ ਕਿਹਾ ਹੈ ਕਿ ਸਕੂਲਾਂ ਵਿਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਨੂੰ ਹੋਰ ਅਸਰਦਾਰ ਢੰਗ ਨਾਲ ਚਲਾਇਆ ਜਾਵੇ।

ਇਸ ਸਬੰਧੀ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਹਰੇਕ ਸ਼ਨੀਵਾਰ ਪ੍ਰਾਰਥਨਾ ਸਭਾ ਵਿਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਣ ਤੋਂ ਇਲਾਵਾ ਬੱਚਿਆਂ ਦੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨਾਲ ਸਾਂਝੇ ਵਟਸ ਐਪ ਗਰੁੱਪ ਬਣਾਏ ਜਾਣ ਜਿਸ ਰਾਹੀਂ ਨਸ਼ਿਆਂ ਦੀ ਰੋਕਥਾਮ ਲਈ ਯਤਨਾਂ ਨੂੰ ਹੁਲਾਰਾ ਮਿਲ ਸਕੇਗਾ।

ਉਨ੍ਹਾਂ ਇਹ ਵੀ ਕਿਹਾ ਕਿ ਮੈਡੀਕਲ ਕਿਸਮ ਦਾ ਨਸ਼ਾ ਵੇਚਣ ਵਾਲੇ ਮੈਡੀਕਲ ਸਟੋਰ ਵਾਲਿਆਂ ਵਿਰੁੱਧ ਸਖਤੀ ਵਰਤੀ ਜਾਵੇ। ਇਸ ਤੋਂ ਇਲਾਵਾ ਨਸ਼ਾ ਤਸਕਰੀ ਨਾਲ ਬਣਾਈ ਗਈ ਜਾਇਦਾਦ ਨੂੰ ਅਟੈਚ ਕਰਨ ਦੀ ਪ੍ਰਕ੍ਰਿਆ ਨੂੰ ਤੇਜ ਕੀਤਾ ਜਾਵੇ। ਪੁਲਿਸ ਅਧਿਕਾਰੀਆਂ ਦੱਸਿਆ ਕਿ ਨਸ਼ਾ ਤਸਕਰਾਂ ਦੀ 3 ਕਰੋੜ ਰੁਪੈ ਦੀ ਜਾਇਦਾਦ ਜਬਤ ਕੀਤੀ ਗਈ ਹੈ।

ਸ੍ਰੀ ਬਾਜਵਾ ਨੇ ਇਹ ਵੀ ਕਿਹਾ ਕਿ ਸ਼ਰਾਬ ਦੇ ਠੇਕਿਆਂ ਉੱਪਰ ਸੀ.ਸੀ.ਟੀ.ਵੀ.ਕੈਮਰੇ ਲਗਣੇ ਜ਼ਰੂਰੀ ਕੀਤੇ ਜਾਣ ਤਾਂ ਜੋ ਕਿਸੇ ਨਬਾਲਿਗ ਨੂੰ ਸ਼ਰਾਬ ਨਾ ਵੇਚਣ ਦੇ ਦਿਸ਼ਾ ਨਿਰਦੇਸ਼ਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾ ਸਕੇ।

ਇਸ ਤੋਂ ਇਲਾਵਾ ਪਿੰਡ ਪੱਧਰ 'ਤੇ ਯੂਥ ਕਲੱਬਾਂ ਨੂੰ ਨਸ਼ਿਆਂ ਦੇ ਮਾੜੇ ਅਸਰ ਬਾਰੇ ਲੋਕਾਂ ਨੂੰ ਜਾਣੂੰ ਕਰਵਾਉਣ ਲਈ ਵਿਆਪਕ ਪੱਧਰ 'ਤੇ ਗਤੀਵਿਧੀਆਂ ਵਿੱਢਣ ਦੇ ਨਿਰਦੇਸ਼ ਦਿੱਤੇ ਗਏ।

ਇਸ ਮੌਕੇ ਕਮੇਟੀ ਦੇ ਮੈਂਬਰ ਐਸ.ਡੀ.ਐਮ.ਭੁਲੱਥ ਡੈਵੀ ਗੋਇਲ, ਐਸ.ਡੀ.ਐਮ.ਫਗਵਾੜਾ ਜਸ਼ਨਜੀਤ ਸਿੰਘ,ਜਿਲ੍ਹਾ ਲੋਕ ਸੰਪਰਕ ਅਫਸਰ ਸੁਬੇਗ ਸਿੰਘ ਧੰਜੂ,ਮੁੱਖ ਖੇਤੀਬਾੜੀ ਅਫਸਰ ਡਾ. ਬਲਬੀਰ ਚੰਦ,ਡੀ.ਐਸ.ਪੀ.ਇਕਬਾਲ ਸਿੰਘ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਧੁੰਦ ਵਿੱਚ ਟਕਰਾਏ ਕਈ ਵਾਹਨ - ਪਿੰਡ ਖੇੜੀ ਕਲਾਂ ਦੀ ਨੌਜਵਾਨ ਲੜਕੀ ਦੀ ਮੌਤ



ਸ਼ੇਰਪੁਰ ,( ਲੋਕ ਬਾਣੀ) - ਬਰਨਾਲਾ-ਲੁਧਿਆਣਾ ਰੋਡ ਤੇ ਪਿੰਡ ਵਜੀਦਕੇ ਕਲਾਂ ਦੇ ਨਜ਼ਦੀਕ ਮੇਨ ਹਾਈਵੇ ਤੇ ਹੋਏ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਲੜਕੀ ਦੀ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਹਾਦਸਾ ਅੱਜ ਸਵੇਰੇ ਵਾਪਰਿਆ ।ਮੌਕੇ ਤੇ ਹਾਜ਼ਰ ਲੋਕਾਂ ਨੇ ਦੱਸਿਆ ਕਿ ਇੱਕ ਇੱਟਾਂ ਨਾਲ ਭਰੀ ਟਰੈਕਟਰ -ਟਰਾਲੀ ਠੀਕਰੀਵਾਲ ਲਿੰਕ ਰੋਡ ਤੋਂ ਮੇਨ ਹਾਈਵੇ ਦੇ ਉੱਪਰ ਚੜੀ ਤਾਂ ਮੇਨ ਹਾਈਵੇ ਤੇ ਆ ਰਹੀ ਪੀਆਰਟੀਸੀ ਦੀ ਇੱਕ ਬੱਸ ਟਰਾਲੀ ਨਾਲ ਟਕਰਾ ਗਈ ਬੱਸ ਤੇ ਟਰਾਲੀ ਦੀ ਇਸ ਟੱਕਰ ਵਿੱਚ ਬੱਸ ਵਿੱਚ ਸਵਾਰ ਕਾਫੀ ਸਵਾਰੀਆਂ ਜ਼ਖਮੀ ਹੋ ਗਈਆਂ ਹਾਲੇ ਸਵਾਰੀਆਂ ਬੱਸ ਵਿੱਚੋਂ ਹੇਠਾਂ ਉਤਰ ਹੀ ਰਹੀਆਂ ਸਨ ਤਾਂ ਅਚਾਨਕ ਪਿੱਛੇ ਤੋਂ ਆ ਰਹੇ ਇੱਕ ਟਰਾਲੇ ਨੇ ਬੱਸ ਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਬੱਸ ਵਿੱਚੋਂ ਉੱਤਰ ਰਹੀ ਇੱਕ ਨੌਜਵਾਨ ਲੜਕੀ ਟਰਾਲੀ ਦੀ ਲਪੇਟ ਵਿੱਚ ਆ ਗਈ ਜਿਸ ਦੀ ਮੌਕੇ ਤੇ ਹੀ ਮੌਤ ਹੋ ਗਈ। ਮ੍ਰਿਤਕ ਲੜਕੀ ਦੀ ਪਛਾਣ ਬਲਾਕ ਸ਼ੇਰਪੁਰ ਅਧੀਨ ਪੈਂਦੇ ਪਿੰਡ ਖੇੜੀ ਕਲਾਂ ਦੀ ਅਨੁਪ੍ਰਿਆ ਕੌਰ ਪੁੱਤਰੀ ਸੁਖਦੇਵ ਸਿੰਘ ਵਾਸੀ ਖੇੜੀ ਕਲਾਂ ਵਜੋਂ ਹੋਈ ਜੋ ਰਾਏਕੋਟ ਵਿਖੇ ਇੱਕ ਪ੍ਰਾਈਵੇਟ ਕਾਲਜ ਵਿੱਚ ਪ੍ਰੋਫੈਸਰ ਸੀ। ਇਹ ਸੜਕ ਹਾਦਸਾ ਗਹਿਰੀ ਧੁੰਦ ਕਾਰਨ ਹੋਇਆ ਦੱਸਿਆ ਜਾ ਰਿਹਾ ਹੈ ਜਿਸ ਕਾਰਨ ਹਾਦਸੇ ਦੇ ਸ਼ਿਕਾਰ ਹੋਏ ਵਾਹਨਾਂ ਦੇ ਚਾਲਕਾਂ ਨੂੰ ਆਹਮਣੇ ਸਾਹਮਣੇ ਕੁਝ ਦਿਖਾਈ ਨਹੀਂ ਦਿੱਤਾ। ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਸੜਕ ਸੁਰੱਖਿਆ ਪੁਲਿਸ ਦੀ ਟੀਮ ਤੁਰੰਤ ਮੌਕੇ ਤੇ ਪੁੱਜੀ ਅਤੇ ਲੋਕਾਂ ਦੀ ਮਦਦ ਨਾਲ ਜਖਮੀਆਂ ਨੂੰ ਸਿਵਲ ਹਸਪਤਾਲ ਬਰਨਾਲਾ ਵਿਖੇ ਦਾਖਲ ਕਰਵਾਇਆ ਗਿਆ। ਮੌਕੇ ਤੇ ਡੀਐਸਪੀ ਮਹਿਲ ਕਲਾਂ ਸੁਬੇਗ ਸਿੰਘ , ਥਾਣਾ ਮਹਿਲ ਕਲਾਂ ਦੇ ਐਸਐਚ ਓ ਜਗਜੀਤ ਸਿੰਘ ਅਤੇ ਠੁੱਲੀਵਾਲ ਥਾਣੇ ਦੀ ਐਸਐਚ ਓ ਮੈਡਮ ਕਿਰਨਜੀਤ ਕੌਰ ਵੀ ਤੁਰੰਤ ਪੁੱਜੇ ਉਹਨਾਂ ਹਾਦਸੇ ਦਾ ਜਾਇਜਾ ਲਿਆ ਅਤੇ ਜਖਮੀਆਂ ਨੂੰ ਹਸਪਤਾਲ ਭੇਜਿਆ । ਪੁਲਿਸ ਅਧਿਕਾਰੀਆਂ ਵਾਹਨ ਚਾਲਕਾਂ ਨੂੰ ਧੁੰਦ ਮੌਕੇ ਵਾਹਨ ਧਿਆਨ ਨਾਲ ਚਲਾਉਣ ਦੀ ਅਪੀਲ ਕੀਤੀ।

# ਸੀ.ਐਚ.ਸੀ ਪਾਸ਼ਟ.ਵਿਖੇ ਪ੍ਰਧਾਨ ਮੰਤਰੀ ਮਾਤਰੀਤਵ ਸੁਰੱਖਿਆ ਯੋਜਨਾ ਤਹਿਤ ਗਰਭਵਤੀ ਔਰਤਾਂ ਦੀ ਸਿਹਤ ਜਾਂਚ ਕੀਤੀ ਗਈ



ਫਗਵਾੜਾ - (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰੀਚਾ ਭਾਟੀਆ ਦੇ ਦਿਸ਼ਾ ਨਿਰਦੇਸ਼ ਹੇਠ ਅਤੇ ਐਸ਼.ਐਮ.ਓ.ਡਾ. ਰੁਪਿੰਦਰ ਜੀਤ ਕੌਰ ਦੀ ਯੋਗ ਅਗਵਾਈ ਵਿੱਚ ਕਮਿਊਨਿਟੀ ਹੈਲਥ ਸੈਂਟਰ ਪਾਸ਼ਟ ਵਿਖੇ ਪ੍ਰਧਾਨ ਮੰਤਰੀ ਮਾਤਰੀਤਵ ਸੁਰੱਖਿਆ ਯੋਜਨਾ ਤਹਿਤ ਗਰਭਵਤੀ ਔਰਤਾਂ ਦੀ ਸਿਹਤ ਦੀ ਜਾਂਚ ਕੀਤੀ ਗਈ⇩ ਇਸ ਦੌਰਾਨ ਗਰਭਵਤੀ ਔਰਤਾਂ ਦਾ ਭਾਰ,ਬਲੱਡ ਪ੍ਰੈਸ਼ਰ,ਹੀਮੋਗਲੋਬਿਨ, ਸ਼ੂਗਰ ਅਤੇ ਐਚ.ਆਈ.ਵੀ.ਦੀ ਜਾਂਚ ਕੀਤੀ ਗਈ⇩ ਇਸ ਮੌਕੇ ਜਾਣਕਾਰੀ ਦਿੰਦਿਆਂ ਕਮਿਊਨਿਟੀ ਹੈਲਥ ਸੈਂਟਰ ਪਾਸ਼ਟ ਦੇ ਬੀ.ਈ.ਈ. ਸਤਨਾਮ ਸਿੰਘ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮਾਤ੍ਰਿਤਵ ਸੁਰੱਖਿਆ ਯੋਜਨਾ ਤਹਿਤ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਸਿਹਤ ਸਹੂਲਤਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਂਦਾ ਹੈ⇩ ਗਰਭਵਤੀ ਔਰਤਾਂ ਨੂੰ. ਅਜਿਹੇ ਸਮਾਗਮ ਦਾ ਮੁੱਖ ਉਦੇਸ਼ ਜਣੇਪਾ-ਬੱਚਾ ਮੌਤ ਦਰ ਨੂੰ ਘਟਾਉਣਾ ਹੈ,ਸਿਹਤ ਜਾਂਚ ਤੋਂ ਬਾਅਦ ਗਰਭਵਤੀ ਔਰਤਾਂ ਨੂੰ ਡਲਿਵਰੀ ਨਜ਼ਦੀਕੀ ਸਰਕਾਰੀ ਹਸਪਤਾਲ ਜਾਂ ਸਿਹਤ ਕੇਂਦਰ ਤੋਂ ਕਰਵਾਉਣ ਦੀ ਸਲਾਹ ਦਿੱਤੀ ਗਈ ਤਾਂ ਜੋ ਮਾਂ ਅਤੇ ਬੱਚਾ ਦੋਵੇਂ ਸੁਰੱਖਿਅਤ ਰਹਿ ਸਕਣ ਪੌਸ਼ਟਿਕ ਭੋਜਨ ਖਾਓ ਅਤੇ ਜੰਕ ਫੂਡ ਤੋਂ ਦੂਰ ਰਹੋ। ਮੌਕੇ ਤੇ ਹੀ ਗਰਭਵਤੀ ਔਰਤਾਂ ਨੂੰ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਮੁਫਤ ਦਿੱਤੀਆਂ ਗਈਆਂ⇩

# ਟੀਮ ਇੰਸਪੈਕਟਰ ਸੂਰਿਆਬਲੀ ਨੇ ਕਾਨਪੁਰ ਵਿੱਚ ਸਪਾ ਵਿਧਾਇਕ ਨੂੰ ਧਮਕੀ ਦੇਣ ਵਾਲੇ ਭਾਜਪਾ ਨੇਤਾ ਨੂੰ ਗ੍ਰਿਫ਼ਤਾਰ ਕੀਤਾ

ਕਾਨਪੁਰ (ਸੁਨੀਲ ਬਾਜਪਾਈ) ਸਮਾਜਵਾਦੀ ਪਾਰਟੀ ਦੇ ਵਿਧਾਇਕ ਨਸੀਮ ਸੋਲੰਕੀ ਨੂੰ ਧਮਕੀ ਦੇਣ ਵਾਲੇ ਭਾਜਪਾ ਨੇਤਾ ਧੀਰਜ ਚੱਢਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਸਮਾਜਵਾਦੀ ਪਾਰਟੀ ਦੇ ਵਿਧਾਇਕ ਵੱਲੋਂ ਨਸੀਮ ਸੋਲੰਕੀ ਨੂੰ ਦਿੱਤੀ ਗਈ ਧਮਕੀ ਤੋਂ ਸਮਾਜਵਾਦੀ ਪਾਰਟੀ ਦੇ ਵਰਕਰ ਵੀ ਨਾਰਾਜ਼ ਸਨ ਅਤੇ ਉਹ ਇਸ ਦੇ ਖਿਲਾਫ ਵੱਡੀ ਗਿਣਤੀ ਵਿੱਚ ਸਵਰੂਪ ਨਗਰ ਥਾਣੇ ਪਹੁੰਚੇ, ਜਿਸ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਸਨੂੰ ਵਿਨਾਇਕਪੁਰ ਦੇ ਇੱਕ ਘਰ ਤੋਂ ਗ੍ਰਿਫ਼ਤਾਰ ਕਰ ਲਿਆ। ਸਪਾ ਆਗੂਆਂ ਦਾ ਦੋਸ਼ ਹੈ ਕਿ ਸੀਸਾਮਾਊ ਤੋਂ ਚੋਣ ਜਿੱਤਣ ਤੋਂ ਬਾਅਦ, ਸਵਰੂਪ ਨਗਰ ਇਲਾਕੇ ਵਿੱਚ ਰਹਿਣ ਵਾਲੇ ਭਾਜਪਾ ਆਗੂ ਧੀਰਜ ਚੱਢਾ ਪਹਿਲਾਂ ਹੀ ਵਿਧਾਇਕ ਨਸੀਮ ਸੋਲੰਕੀ ਨੂੰ ਗਾਲੀ-ਗਲੋਚ ਨਾਲ ਧਮਕੀ ਦੇ ਚੁੱਕੇ ਹਨ।

ਉਸਨੇ ਕੱਲ੍ਹ ਵੀ ਇਹੀ ਕੰਮ ਕੀਤਾ। ਇਸ ਦੇ ਵਿਰੋਧ ਵਿੱਚ ਸਪਾ ਆਗੂਆਂ ਨੇ ਥਾਣੇ ਵਿੱਚ ਹੰਗਾਮਾ ਕੀਤਾ। ਜਿਸ ਤੇ ਪਹਿਲਾਂ ਤੋਂ ਹੀ ਸਰਗਰਮ ਪੁਲਿਸ ਨੇ ਤੁਰੰਤ ਦੋਸ਼ੀ ਧੀਰਜ ਚੱਢਾ ਦੇ ਘਰ ਛਾਪਾ ਮਾਰਿਆ ਪਰ ਉਹ ਭੱਜਣ ਵਿੱਚ ਕਾਮਯਾਬ ਹੋ ਗਿਆ। ਪਰ ਪੁਲਿਸ ਉਸਦੀ ਭਾਲ ਜਾਰੀ ਰੱਖਦੀ ਰਹੀ, ਜਿਸਦੇ ਨਤੀਜੇ ਵਜੋਂ, ਦਰਜ ਕੀਤੀ ਗਈ ਰਿਪੋਰਟ ਦੇ ਆਧਾਰ ਤੇ, ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਸਨੂੰ ਕਲਿਆਣਪੁਰ ਦੇ ਇੱਕ ਘਰ ਤੋਂ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ।

ਯਾਦ ਰਹੇ ਕਿ ਸਵਰੂਪ ਨਗਰ ਪੁਲਿਸ ਸਟੇਸ਼ਨ ਨੇ ਭਾਜਪਾ ਨੇਤਾ ਧੀਰਜ ਚੱਢਾ ਨੂੰ ਸਪਾ ਵਿਧਾਇਕ ਨਸੀਮ ਸੋਲੰਕੀ ਨੂੰ ਧਮਕੀ ਦੇਣ ਅਤੇ ਦੁਰਵਿਵਹਾਰ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਅੱਜਕੱਲ੍ਹ, ਸਵਰੂਪ ਨਗਰ ਪੁਲਿਸ ਸਟੇਸ਼ਨ ਦੀ ਕਮਾਂਡ ਹਰ ਤਰ੍ਹਾਂ ਦੇ ਅਪਰਾਧੀਆਂ ਵਿਰੁੱਧ ਲਗਾਤਾਰ ਸਫਲ ਮੋਰਚੇ ਖੋਲ੍ਹ ਰਹੀ ਹੈ, ਜਨਤਕ ਹਿੱਤ ਦੀ ਮਜ਼ਬੂਤ



ਵਿਚਾਰਧਾਰਾ ਦੇ ਅਨੁਸਾਰ ਕਿ ਕੋਈ ਵੀ ਨਿਰਦੋਸ਼ ਫਸਣਾ ਨਹੀਂ ਚਾਹੀਦਾ ਅਤੇ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ, ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਅਤੇ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਲਈ, ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਨਾਲ ਅਗਵਾਈ ਕਰਨ ਲਈ। ਇਹ ਮਾਮਲਾ ਇੰਸਪੈਕਟਰ ਸੂਰਿਆਬਲੀ ਪਾਂਡੇ ਦੇ ਹੱਥਾਂ ਵਿੱਚ ਹੈ, ਜੋ ਕਿ ਇੱਕ ਤੇਜ਼ ਅਤੇ ਚੰਗੇ ਵਿਵਹਾਰ ਵਾਲਾ ਇੰਸਪੈਕਟਰ ਹੈ ਜੋ ਪਰਮਾਤਮਾ ਅਤੇ ਕਿਸਮਤ ਯਾਨੀ ਕਿ ਕਰਮ ਤੇ ਭਰੋਸਾ ਕਰਦਾ ਹੈ।

ਉਸਨੇ ਭਾਜਪਾ ਨੇਤਾ ਧੀਰਜ ਚੱਢਾ, ਜਿਸਨੇ ਸਪਾ ਵਿਧਾਇਕ ਨਸੀਮ ਸੋਲੰਕੀ ਨੂੰ ਧਮਕੀ ਦਿੱਤੀ ਸੀ, ਨੂੰ ਭੱਜਣ ਤੋਂ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਅਤੇ ਕਾਨੂੰਨ ਅਤੇ ਸ਼ਾਂਤੀ ਦੇ ਪੱਖ ਵਿੱਚ ਅਪਰਾਧੀਆਂ ਨੂੰ ਚੁਣੌਤੀ ਦਿੰਦੇ ਹੋਏ ਨਜ਼ੀਰਾਬਾਦ ਦੀ ਕਮਾਨ ਵੀ ਸਫਲਤਾਪੂਰਵਕ ਸੰਭਾਲ ਲਈ, ਸਾਰੀਆਂ ਗੰਭੀਰ ਘਟਨਾਵਾਂ ਦਾ ਸਹੀ ਖੁਲਾਸਾ ਕੀਤਾ ਅਤੇ ਆਪਣਾ ਸਭ ਤੋਂ ਵਧੀਆ ਵਿਸ਼ਲੇਸ਼ਣ ਦਿੱਤਾ। ਜੁਝਾਰੂ ਇੰਸਪੈਕਟਰ ਸੂਰਿਆਬਲੀ ਪਾਂਡੇ, ਜਿਨ੍ਹਾਂ ਨੇ ਆਪਣੀ ਸੇਵਾ ਦੌਰਾਨ ਸੈਂਕੜੇ ਅਪਰਾਧੀਆਂ ਨੂੰ ਜੇਲ੍ਹ ਭੇਜਿਆ ਹੈ, ਦੇ ਕਾਰਜਕਾਲ ਦਾ ਇਤਿਹਾਸ ਇਹ ਸਾਬਤ ਕਰਦਾ ਹੈ ਕਿ ਹਾਲਾਤ ਭਾਵੇਂ ਜੋ ਵੀ ਹੋਣ, ਉਨ੍ਹਾਂ ਨੇ ਆਪਣੀ ਡਿਊਟੀ ਪ੍ਰਤੀ ਆਪਣੀ ਵਫ਼ਾਦਾਰੀ ਨਾਲ ਕਦੇ ਸਮਝੌਤਾ ਨਹੀਂ ਕੀਤਾ।

ਇਸ ਦੇ ਨਾਲ ਹੀ, ਦੋਸ਼ੀ ਭਾਜਪਾ ਨੇਤਾ ਧੀਰਜ ਚੱਢਾ ਨੂੰ ਤੁਰੰਤ ਕਾਰਵਾਈ ਕਰਕੇ ਗ੍ਰਿਫ਼ਤਾਰ ਕਰਨ ਵਾਲੇ ਇੰਸਪੈਕਟਰ ਸੂਰਿਆਬਲੀ ਪਾਂਡੇ ਦੀ ਕਾਰਜਸ਼ੈਲੀ ਨੂੰ ਵੀ ਕੁਲੀਨ ਬੇਸਹਾਰਾ ਲੋਕਾਂ ਦਾ ਸ਼ੁਭਚਿੰਤਕ ਅਤੇ ਬਹੁਤ ਦੋਸਤਾਨਾ ਮੰਨਿਆ ਜਾਂਦਾ ਹੈ, ਜਿਸ ਅਨੁਸਾਰ ਉਹ ਯੋਗ ਲੋਕਾਂ ਦੀ ਮਦਦ ਕਰਦੇ ਹਨ। ਹਰ ਸੰਭਵ ਤਰੀਕੇ ਨਾਲ ਲੋਕਾਂ ਨੂੰ.. ਇਸ ਦੇ ਨਾਲ ਹੀ, ਕਾਨੂੰਨ ਅਤੇ ਸ਼ਾਂਤੀ ਦੇ ਹੱਕ ਵਿੱਚ, ਉਹ ਅਪਰਾਧੀਆਂ ਵਿਰੁੱਧ ਸ਼ਥੇ ਸ਼ਾਤਯਮ ਸਮਾਚਾਰੇਤ ਕਹਾਵਤ ਨੂੰ ਸਾਬਤ ਕਰਨ ਦਾ ਮੌਕਾ ਨਹੀਂ ਗੁਆਉਂਦੇ। ਇਹੀ ਕਾਰਨ ਹੈ ਕਿ ਇੰਸਪੈਕਟਰ ਸੂਰਿਆਬਲੀ ਪਾਂਡੇ ਦੀ ਡਿਊਟੀ ਪ੍ਰਤੀ ਡੂੰਘੀ ਲਗਨ ਨੇ ਹੁਣ ਤੱਕ ਆਪਣੇ ਜੁਝਾਰੂ ਨੌਕਰੀ ਦੇ ਕਾਰਜਕਾਲ ਦੌਰਾਨ ਸਾਰੀਆਂ ਗੰਭੀਰ ਘਟਨਾਵਾਂ ਦਾ ਸਹੀ ਖੁਲਾਸਾ ਕਰਕੇ ਦਰਜਨਾਂ ਜ਼ਾਲਮ ਅਪਰਾਧੀਆਂ ਨੂੰ ਸਬਕ ਸਿਖਾਉਣ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਇਸੇ ਕ੍ਰਮ ਵਿੱਚ, ਸਮਾਜਵਾਦੀ ਪਾਰਟੀ ਦੇ ਸੀਸਾਮੂ ਵਿਧਾਇਕ ਨਸੀਮ ਸੋਲੰਕੀ ਨੂੰ ਧਮਕੀ ਦੇਣ ਵਾਲੇ ਭਾਜਪਾ ਨੇਤਾ ਧੀਰਜ ਚੱਢਾ ਨੂੰ ਗ੍ਰਿਫ਼ਤਾਰ ਕਰਨ ਦੀ ਕਾਰਵਾਈ ਵੀ ਚਰਚਾ ਦਾ ਵਿਸ਼ਾ ਹੈ।

# ਲੁਧਿਆਣਾ ਥਾਣਾ ਮੋਤੀ ਨਗਰ ਦੀ ਪੁਲਿਸ ਟੀਮ ਨੇ ਚਾਇਨਾ ਡੋਰ ਸਮੇਤ ਦੋਸੀ ਕਾਬੂ



ਲੁਧਿਆਣਾ (ਵਰਿੰਦਰ ਪ੍ਰਕਾਸ਼ ਭਾਂਬਰੀ /ਸੁਖਚੈਨ ਮਹਿਰਾ) ਲੁਧਿਆਣਾ ਦੇ ਮਾਨਯੋਗ ਪੁਲਿਸ ਕਮਿਸ਼ਨਰ ਸ਼੍ਰੀ ਕੁਲਦੀਪ ਸਿੰਘ ਚਾਹਲ ਆਈ.ਪੀ.ਐਸ ਜੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸਮਾਜ ਦੇ ਭੈੜੇ ਅਨਸਰਾਂ,ਨਸ਼ਾਂ ਤਸਕਰਾਂਤੇ ਲੁੱਟ-ਖੋਹ ਕਰਨ ਵਾਲਿਆ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸ਼੍ਰੀ ਜਸਕਿਰਨਜੀਤ ਸਿੰਘ ਤੇਜਾ ਪੀ.ਪੀ.ਐਸ ਡਿਪਟੀ ਕਮਿਸ਼ਨਰ ਲੁਧਿਆਣਾ ਦਿਹਾਤੀ,ਸ਼੍ਰੀ ਪ੍ਰਭਜੋਤ ਸਿੰਘ ਵਿਰਕ ਪੀ.ਪੀ.ਐਸ ਸਹਾਇਕ ਕਮਿਸ਼ਨਰ ਜੋਨ- 4 ਅਤੇ ਸ਼੍ਰੀ ਜਸਵਿੰਦਰ ਸਿੰਘ ਪੀ.ਪੀ.ਐਸ ਸਹਾਇਕ ਕਮਿਸ਼ਨਰ ਇੰਡਸਟਰੀ ਏਰੀਆ ਏ ਜੀ ਦੀ ਅਗੁਵਾਈ ਹੇਠ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਮੁੱਖ ਅਫਸਰ ਥਾਣਾ ਮੋਤੀ ਨਗਰ ਅਤੇ ਉਨ੍ਹਾ ਦੀ ਪੁਲਿਸ ਟੀਮ ਵੱਲੋ ਪਾਬੰਧੀ ਸੁਦਾ ਖਤਰਨਾਕ ਚਾਇਨਾ ਡੋਰ ਸਮੇਤ ਦੋਸੀਆ ਨੂੰ ਕਾਬੂ ਕਰਕੇ ਮੁਕੱਦਮਾ ਨੰਬਰ 6 ਮਿਤੀ 10-1-2025 ਅ/ਧ 223, 125 BNS 51, 39 WILD Life (Protrction ACT 1972 ) ×15 EnvironmentProtectionACT1986 ਦਰਜ ਰਜਿਸਟਰ ਕਰਕੇ ਦੋਸ਼ੀਆ ਕੋਲੋ 4 ਪੇਟੀ ਚਾਈਨਾ ਡੋਰ ਬਰਾਮਦ ਕੀਤੀ ।ਦੈਸੀ ਜੋਨ ਪੁੱਤਰ ਅਰਜੁਨ ਰਾਏ ਵਾਸੀ ਮਕਾਨ ਨੰਬਰ 15157 ਗਲੀ ਨੰਬਰ 5 ਅਰਜੁਨ ਦੇਵ ਨਗਰ , ਪੰਕਜ ਪੁੱਤਰ ਗੋਪਾਲ ਚੰਦ ਵਾਸੀ ਮਕਾਨ ਨੰਬਰ 6824 ਗਲੀ ਨੰਬਰ 1 ਹਰਗੋਬਿੰਦ ਨਗਰ ਵਜੋ ਪਛਾਣ ਕੀਤੀ ਗਈ ਹੈ।

# ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਨੇ ਮਨਾਈ ਧੀਆਂ ਦੀ ਲੋਹੜੀ

ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਵਲੋਂ ਨਹਿਰੂ ਯੁਵਾ ਕੇਂਦਰ ਕਪੂਰਥਲਾ ਅਤੇ ਬਾਲ ਵਿਕਾਸ ਪ੍ਰੋਜੈਕਟ ਦਫਤਰ ਫਗਵਾੜਾ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਲੋਹੜੀ ਦਾ ਤਿਉਹਾਰ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸੀ.ਡੀ.ਪੀ.ਓ. ਖੁਸ਼ਮੀਤ ਕੌਰ ਦੀ ਅਗਵਾਈ ਹੇਠ ਗੁਰੂ ਨਾਨਕ ਮਿਸ਼ਨ ਨੇਤਰਹੀਣ ਤੇ ਬਿਰਧ ਆਸ਼ਰਮ ਸਪਰੋੜ ਵਿਖੇ ਨੇਤਰਹੀਨ ਅਤੇ ਨਵ-ਜੰਮੀਆਂ ਬੱਚੀਆਂ ਦੇ ਨਾਲ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਏ.ਡੀ.ਸੀ. ਫਗਵਾੜਾ ਅਨੁਪਮ ਕਲੇਰ (ਆਈ.ਏ.ਐਸ.), ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਅਤੇ ਨਾਇਬ ਤਹਿਸੀਲਦਾਰ ਮਨਦੀਪ ਸਿੰਘ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਡੀ.ਐਸ.ਪੀ. ਭਾਰਤ ਭੂਸ਼ਣ, ਐਸ.ਐਚ.ਓ. ਸਦਰ ਬਲਵਿੰਦਰ ਸਿੰਘ ਭੁੱਲਰ ਤੋਂ ਇਲਾਵਾ ਐਕਸਪੋਰਟਰ ਅਸ਼ੋਕ ਕੁਲਥਮ, ਸੋਨਾਲੀ ਕੁਲਥਮ, ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ ਫਗਵਾੜਾ, ਸੰਤੋਸ਼ ਕੁਮਾਰ ਗੋਗੀ ਜਿਲ੍ਹਾ ਪ੍ਰਧਾਨ ਆਪ ਪਾਰਟੀ ਐਸ.ਸੀ. ਵਿੰਗ ਕਪੂਰਥਲਾ ਤੇ ਸੀਤਾ ਦੇਵੀ ਕੌਂਸਲਰ ਮੌਜੂਦ ਰਹੇ। ਸਮੂਹ ਪਤਵੰਤਿਆਂ ਨੇ ਬੱਚੀਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਪੰਜਾਬੀ ਸਭਿਆਚਾਰ ਦੇ ਇਸ ਪ੍ਰਮੁੱਖ ਤਿਉਹਾਰ ਦੇ ਮਹੱਤਵ ਬਾਰੇ ਆਪਣੇ ਵਢਮੁੱਲੇ ਵਿਚਾਰ ਪੇਸ਼ ਕੀਤੇ। ਏ.ਡੀ.ਸੀ. ਅਨੁਪਮ ਕਲੇਰ ਅਤੇ ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਕਿਹਾ ਕਿ ਗੁਰੂਆਂ, ਪੀਰਾਂ, ਫਕੀਰਾਂ ਦੀ ਧਰਤੀ ਪੰਜਾਬ ਦਾ ਅਮੀਰ ਵਿਰਸਾ ਸਾਡਾ ਮਾਣ ਹੈ। ਇੱਥੋਂ ਦੇ ਤੀਜ-ਤਿਉਹਾਰ, ਲੋਕਾਂ ਦਾ ਆਪਸੀ ਪਿਆਰ ਤੇ ਸਤਿਕਾਰ, ਵੱਖੋ-ਵੱਖਰੇ ਰੀਤੀ-ਰਿਵਾਜ, ਮਿਲਵਰਤਨ ਦਾ ਨਿੱਘਾ ਸੁਭਾਅ ਅਤੇ ਪ੍ਰਹੁਣਚਾਰੀ ਪੰਜਾਬੀ ਸੱਭਿਆਚਾਰ ਦੇ ਬਹੁਤ ਹੀ ਖੂਬਸੂਰਤ ਰੰਗ ਹਨ, ਜਿਹਨਾ ਕਾਰਨ ਪੰਜਾਬੀ ਦੇਸ਼-ਵਿਦੇਸ਼ 'ਚ ਆਪਣੀ ਵਿਸ਼ੇਸ਼ ਪਹਿਚਾਣ ਰੱਖਦੇ ਹਨ। ਪਰ ਸਮੇਂ ਦੇ ਨਾਲ ਕੁੱਝ ਕੁਰੀਤੀਆਂ ਨੇ ਵੀ ਸਮਾਜ ਵਿਚ ਥਾਂ ਬਣਾ ਲਈ ਅਤੇ ਕੁੜੀਆਂ ਨੂੰ ਕੁੱਖ ਵਿਚ ਕਤਲ ਕਰਨ ਦਾ ਰੁਝਾਨ ਵੱਡੀ ਪੱਧਰ ਤੇ ਵੱਧ ਗਿਆ ਸੀ। ਜਿਸ ਨੂੰ ਸਮਾਜ ਸੇਵੀ ਜੱਥੇਬੰਦੀਆਂ ਵਲੋਂ 'ਧੀਆਂ ਦੀ ਲੋਹੜੀ' ਮਨਾਉਣ ਦੀ ਰੀਤ ਸ਼ੁਰੂ ਕਰਨ ਤੋਂ ਬਾਅਦ ਠੱਲ੍ਹ ਪਈ ਹੈ। ਇਸ ਨਾਲ ਮਰਦ ਪ੍ਰਧਾਨ ਸਮਾਜ ਦੀ ਸੋਚ ਵਿਚ ਵੀ ਕਾਫੀ ਸਾਰਥਕ ਬਦਲਾਅ ਆਇਆ ਹੈ। ਉਹਨਾਂ ਨੇ ਸਰਬ ਨੌਜਵਾਨ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਵੀ ਕੀਤੀ। ਨਾਇਬ ਤਹਿਸੀਲਦਾਰ ਮਨਦੀਪ ਸਿੰਘ ਅਤੇ ਡੀ.ਐਸ.ਪੀ. ਭਾਰਤ ਭੂਸ਼ਣ ਨੇ ਵੀ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਅਤੇ ਸਰਬ ਨੌਜਵਾਨ ਸਭਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਬੇਟੀ ਬਚਾਓ-ਬੇਟੀ ਪੜ੍ਹਾਓ' ਦੀ ਮੁਹਿਮ ਨੂੰ ਧੀਆਂ ਦੀ ਲੋਹੜੀ ਨੇ ਸਾਰਥਕ ਦਿਸ਼ਾ ਦੇਣ ਦਾ ਕੰਮ ਕੀਤਾ ਹੈ। ਪਰ ਇਹ ਮੁਹਿਮ ਸਿਰਫ ਸਾਲ ਵਿਚ ਇਕ ਵਾਰ ਲੋਹੜੀ ਮਨਾਉਣ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ ਬਲਕਿ ਲੜਕੀਆਂ ਨੂੰ ਅੱਗੇ ਵਧਣ ਅਤੇ ਆਤਮ-ਨਿਰਭਰ ਬਨਾਉਣ ਲਈ ਯਤਨ ਕਰਨੇ ਹੋਣਗੇ। ਚੰਗੀ ਗੱਲ ਹੈ ਕਿ ਸਭਾ ਵਲੋਂ ਵੋਕੇਸ਼ਨਲ ਸੈਂਟਰ ਰਾਹੀਂ ਇਹ ਉਪਰਾਲਾ ਵੀ ਕੀਤਾ ਜਾ ਰਿਹਾ ਹੈ। ਸੀ.ਡੀ.ਪੀ.ਓ. ਖੁਸ਼ਮੀਤ ਕੌਰ ਅਤੇ ਐਕਸਪੋਰਟਰ ਅਸ਼ੋਕ ਕੁਲਥਮ, ਸੋਨਾਲੀ ਕੁਲਥਮ ਨੇ ਵੀ ਇਸ ਉੱਦਮ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਬਹੁਤ ਹੀ ਘੱਟ ਇਹੋ ਜਿਹੀਆਂ ਸੰਸਥਾਵਾਂ ਹਨ ਜਿਹੜੀਆਂ ਲੋਕ ਭਲਾਈ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀਆਂ ਹਨ। ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਅਤੇ ਆਮ ਆਦਮੀ ਪਾਰਟੀ ਆਗੂ ਸੰਤੋਸ਼ ਕੁਮਾਰ ਗੋਗੀ ਨੇ ਪੰਜਾਬੀ ਸਭਿਆਚਾਰ ਦੀ ਗੱਲ ਕਰਦਿਆਂ ਭਾਈਚਾਰਕ ਸਾਂਝ ਦੀ ਮਜਬੂਤੀ, ਲੜਕੀਆਂ ਨੂੰ ਘਰਾਂ ਅਤੇ ਸਮਾਜ 'ਚ ਬਰਾਬਰੀ ਦਾ ਦਰਜਾ ਦੇਣ ਤੇ ਜੋਰ ਦਿੱਤਾ। ਉਹਨਾ ਕਿਹਾ ਕਿ ਲੜਕੀਆਂ ਵੱਧ ਤੋਂ ਵੱਧ ਪੜ੍ਹਨ, ਕਿਉਂਕਿ ਉਹ ਦੇਸ਼ 'ਚ ਆਬਾਦੀ ਦਾ ਅੱਧਾ ਹਿੱਸਾ ਹਨ, ਉਹਨਾ ਲਈ ਸਮਾਜ ਦੇ ਹਰੇਕ ਖੇਤਰ 'ਚ ਬਰਾਬਰ ਦੀ ਵੰਡ ਹੋਣੀ ਚਾਹੀਦੀ ਹੈ। ਸਭਾ ਵਲੋਂ 101 ਨਵਜੰਮੀਆਂ ਬੱਚੀਆਂ ਨੂੰ ਸੂਟ ਅਤੇ ਗਰਮ ਕੋਟੀਆਂ ਤੋਂ ਇਲਾਵਾ ਹਾਜਰੀਨ ਨੂੰ ਲੋਹੜੀ ਦੇ ਸ਼ਗਨ ਵਜੋਂ ਮੂੰਗਫਲੀ, ਰੇਓੜੀਆਂ, ਲੱਡੂ, ਪਿੰਨੀਆਂ ਆਦਿ ਦੀ ਵੰਡ ਕੀਤੀ ਗਈ। ਇਸ ਦੌਰਾਨ ਲੋਹੜੀ ਦੀ ਧੂਣੀ ਜਲਾਈ ਗਈ। ਗਾਇਕ ਨਿਰਮਲਜੀਤ ਅਤੇ ਬਿੱਟੂ ਢੋਲੀ ਨੇ ਲੋਕਗੀਤਾਂ ਨਾਲ ਸਮਾਂ ਬੰਨ੍ਹਿਆ। ਪਤਵੰਤਿਆਂ ਅਤੇ ਪ੍ਰਬੰਧਕਾਂ ਵਲੋਂ ਗਿੱਧਾ, ਬੋਲੀਆਂ ਭੰਗੜਾ ਤੋਂ ਇਲਾਵਾ ਲੋਹੜੀ ਦੇ ਗੀਤ ਗਾਏ ਗਏ। ਵੋਕੇਸ਼ਨਲ ਸੈਂਟਰ ਦੀਆਂ ਸਿੱਖਿਆਰਥਣਾਂ ਨੇ ਰਵਾਇਤੀ ਲੋਕਗੀਤਾਂ ਰਾਹੀਂ ਲੋਹੜੀ ਮੰਗਣ ਦਾ ਸ਼ਗਨ ਪੂਰਾ ਕੀਤਾ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਨਿਭਾਈ ਗਈ। ਇਸ ਮੌਕੇ ਕਰਮਜੀਤ ਕੌਰ ਸੁਪਰਵਾਈਜਰ ਸੀ.ਡੀ.ਪੀ.ਓ. ਦਫਤਰ ਫਗਵਾੜਾ, ਵਿੱਕੀ ਸਿੰਘ, ਹਰਬੰਸ ਲਾਲ



ਦਫਤਰ ਸੀ.ਡੀ.ਪੀ.ਓ., ਪਰਮਜੀਤ ਸਿੰਘ ਪ੍ਰਧਾਨ ਗੁਰੂ ਨਾਨਕ ਨੇਤਰਹੀਣ ਆਸ਼ਰਮ ਸਪਰੋੜ, ਮੁਖਤਿਆਰ ਸਿੰਘ ਮੈਨੇਜਰ, ਸੁਭਾਸ਼ ਕਵਾਤਰਾ, ਰਸ਼ਪਾਲ ਰਾਏ ਗੁਪਤਾ, ਸਤਨਾਮ ਸਿੰਘ ਰਾਣਾ, ਡਾ. ਵਿਜੇ ਕੁਮਾਰ ਜਨਰਲ ਸਕੱਤਰ, ਡਾ. ਕੁਲਦੀਪ ਸਿੰਘ ਖਜਾਨਚੀ, ਗੁਰਦੀਪ ਸਿੰਘ ਤੁਲੀ, ਰਮਨ ਨਹਿਰਾ, ਰਾਕੇਸ਼ ਕੋਛੜ, ਵਿਕਰਮਜੀਤ ਵਿੱਕੀ, ਰਵਿੰਦਰ ਸਿੰਘ ਰਾਏ, ਨਰਿੰਦਰ ਸੈਣੀ, ਅਸ਼ੋਕ ਸ਼ਰਮਾ, ਆਰ.ਪੀ. ਸ਼ਰਮਾ, ਜਗਜੀਤ ਸਿੰਘ ਸੇਠ, ਸੁਖਦੇਵ ਗੰਡਵਾਂ, ਗੁਰਸ਼ਰਨ ਬਾਸੀ, ਮਨਦੀਪ ਬਾਸੀ, ਜਸ਼ਨ ਮਹਿਰਾ, ਸਾਹਿਬਜੀਤ ਸਾਬੀ, ਕਵੀ ਮਨੋਜ ਫਗਵਾੜਵੀ,ਨਰੇਸ਼ ਕੋਹਲੀ ਸੇਵਾਮੁਕਤ ਹੈੱਡ ਮਾਸਟਰ, ਮੈਡਮ ਤਨੂੰ, ਮੈਡਮ ਸਪਨਾ ਸ਼ਾਰਦਾ, ਮੈਡਮ ਆਸ਼ੂ ਬੱਗਾ, ਮੈਡਮ ਨਵਜੋਤ ਕੌਰ ਤੋਂ ਇਲਾਵਾ ਸੈਂਟਰ ਦੀਆਂ ਸਿੱਖਿਆਰਥਣਾਂ ਹਾਜਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL EXCELLENCE SINCE 1958
64 YEARS
MORE THAN
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
CANADIAN PATHWAY PROGRAMS
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com